

ਸ਼ੁੱਕਰਵਾਰ, 11/13/2026 | 30 ਕੱਤਕ 558 • ਸ਼ਹੀਦੀ ਬਾਬਾ ਦੀਪ ਸਿੰਘ ਜੀ | ਸਾਲ 1 | ਅੰਕ 52 | ਰੋਜ਼ਾਨਾ ਪੰਜਾਬੀ ਅਖਬਾਰ | www.loksanjh.com









ਸੋਨਾ $3,900.60 ▲0.39% | ਚਾਂਦੀ $50.05 ▼0.03% | ਕੱਚਾ ਤੇਲ $88.46 ▼0.32% ਨਿਰਪੱਖ ਖ਼ਬਰਾਂ • ਭਾਈਚਾਰੇ ਦੀ ਆਵਾਜ਼ Nasdaq 25,366 ▼0.39% | S&P 500 7,592 ▼0.35% | USD/INR ₹94.22 ▲0.19% | US 10Y

ਸਿੱਖਿਆ

ਸਕੂਲ ਪਹੁੰਚੇ ਤਾਮਿਲਨਾਡੂ ਦੇ ਮੁੱਖ ਮੰਤਰੀ ਵਿਜੇ, ਬੱਚਿਆਂ ਨੂੰ ਦਿੱਤੇ ਤੋਹਫ਼ੇ

ਚੇਨਈ: ਤਾਮਿਲਨਾਡੂ ਦੇ ਮੁੱਖ ਮੰਤਰੀ ਸੀ. ਜੋਸਫ਼ ਵਿਜੇ ਨੇ ਬਾਲ ਦਿਵਸ ਮੌਕੇ ਸਕੂਲੀ ਬੱਚਿਆਂ ਨਾਲ ਖ਼ੁਸ਼ੀਆਂ ਸਾਂਝੀਆਂ ਕੀਤੀਆਂ। ਅੱਜ ਉਹ ਕੋਲਾਤੁਰ ਸਥਿਤ ਮਦੂਮਨਗਰ ਚੇਨਈ ਨਗਰ ਨਿਗਮ ਮਿਡਲ ਸਕੂਲ ਪਹੁੰਚੇ, ਜਿੱਥੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕੇਕ ਅਤੇ ਗ੍ਰੀਟਿੰਗ ਕਾਰਡ ਵੰਡੇ।

ਰੇਸ਼ਮੀ ਕਮੀਜ਼ ਅਤੇ ਧੋਤੀ ਪਹਿਨ ਕੇ ਸਕੂਲ ਪਹੁੰਚੇ ਮੁੱਖ ਮੰਤਰੀ ਨੇ ਵੱਖ-ਵੱਖ ਕਲਾਸਰੂਮਾਂ ਦਾ ਦੌਰਾ ਵੀ ਕੀਤਾ। ਇਸ ਦੌਰਾਨ ਬੱਚਿਆਂ ਨੇ ਉਤਸ਼ਾਹ ਨਾਲ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਤੋਹਫ਼ੇ ਮਿਲਣ 'ਤੇ ਖ਼ੁਸ਼ੀ ਜ਼ਾਹਰ ਕੀਤੀ।

ਦੱਸ ਦੇਈਏ ਕਿ ਮਈ ਮਹੀਨੇ ਵਿੱਚ ਮੁੱਖ ਮੰਤਰੀ ਦਾ ਅਹੁਦਾ ਸੰਭਾਲਣ ਤੋਂ ਬਾਅਦ ਵਿਜੇ ਦਾ ਇਹ ਪਹਿਲਾ ਬਾਲ ਦਿਵਸ ਸਮਾਗਮ ਸੀ। ਇਸ ਮੌਕੇ ਰਾਜ ਸਰਕਾਰ ਵੱਲੋਂ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਵਿਸ਼ੇਸ਼ ਪ੍ਰੋਗਰਾਮ ਕਰਵਾਏ ਗਏ।

ਸਰਕਾਰ ਦੀ ਇਸ ਪਹਿਲ ਤਹਿਤ ਸੂਬੇ ਭਰ ਦੇ ਵਿਦਿਆਰਥੀਆਂ ਨੂੰ 45 ਗ੍ਰਾਮ ਦੇ ਕੇਕ ਅਤੇ ਗ੍ਰੀਟਿੰਗ ਕਾਰਡ ਵੰਡੇ ਗਏ। ਬੱਚਿਆਂ ਨੇ ਤੋਹਫ਼ੇ ਪ੍ਰਾਪਤ ਕਰਕੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ।

ਪੰਜਾਬ

ਸੀਐਮ ਮਾਨ ਨੇ ਘਰੇਲੂ ਖਪਤਕਾਰਾਂ ਲਈ ਵਨਟਾਈਮ ਸੈਟਲਮੈਂਟ ਸਕੀਮ ਲਾਂਚ ਕੀਤੀ, 45 ਦਿਨਾਂ ਦਾ ਮਿਲੇਗਾ ਟਾਈਮ, ਬੋਲੇ - ਸਰਕਾਰ ਨੇ 518 ਕਰੋੜ ਰੁਪਏ ਦੇ ਬਿਜਲੀ ਬਿੱਲ ਕੀਤੇ ਮੁਆਫ

ਪੰਜਾਬ ਵਿੱਚ ਜਿਹੜੇ ਲੋਕਾਂ ਨੇ ਬੀਤੇ ਕਈ ਮਹੀਨਿਆਂ ਤੋਂ ਬਿਜਲੀ ਦੇ ਬਿੱਲ ਨਹੀਂ ਭਰੇ ਹਨ, ਉਨ੍ਹਾਂ ਲਈ ਸਰਕਾਰ ਰਾਹਤ ਵਾਲੀ ਖਬਰ ਲੈ ਕੇ ਆਏ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਨੂੰ ਵਨਟਾਈਮ ਸੈਟਲਮੈਂਟ ਸਕੀਮ ਲਾਂਚ ਕੀਤੀ ਹੈ, ਜਿਸ ਨਾਲ ਲੱਖਾਂ ਖਪਤਕਾਰਾਂ ਨੂੰ ਫਾਇਦਾ ਹੋਵੇਗਾ।

ਸੀਐਮ ਮਾਨ ਨੇ ਘਰੇਲੂ ਖਪਤਕਾਰਾਂ ਲਈ ਵਨਟਾਈਮ ਸੈਟਲਮੈਂਟ ਸਕੀਮ ਲਾਂਚ ਕੀਤੀ, 45 ਦਿਨਾਂ ਦਾ ਮਿਲੇਗਾ ਟਾਈਮ, ਬੋਲੇ - ਸਰਕਾਰ ਨੇ 518 ਕਰੋੜ ਰੁਪਏ ਦੇ ਬਿਜਲੀ ਬਿੱਲ ਕੀਤੇ ਮੁਆਫ (ਜਾਰੀ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸਰਕਾਰ ਬਿਜਲੀ ਬਿਲਾਂ ਨੂੰ ਲੈ ਕੇ ਨਵੀਂ ਯੋਜਨਾ ਲੈ ਕੇ ਆਈ ਹੈ। ਘਰੇਲੂ ਖਪਤਕਾਰਾਂ ਲਈ ਇੱਕ ਵਾਰ ਵਨ ਟਾਈਮ ਸੈਟਲਮੈਂਟ ਸਕੀਮ ਸ਼ੁਰੂ ਕੀਤੀ ਜਾ ਰਹੀ ਹੈ। ਕਈ ਘਰੇਲੂ ਖਪਤਕਾਰਾਂ ਤੇ 31 ਮਾਰਚ, 2026 ਤੱਕ ਬਕਾਇਆ ਬਿੱਲ ਹਨ। ਉਨ੍ਹਾਂ ਵਿੱਚੋਂ ਬਹੁਤਿਆਂ ਨੇ ਬਿੱਲਾਂ ਦਾ ਭੁਗਤਾਨ ਨਹੀਂ ਕੀਤਾ, ਜਿਸ ਕਾਰਨ ਜੁਰਮਾਨੇ ਅਤੇ ਵਿਆਜ ਲੱਗ ਚੁੱਕੇ ਹਨ।

ਉਨ੍ਹਾਂ ਕਿਹਾ ਕਿ ਇਸ ਨਾਲ ਉਨ੍ਹਾਂ ਦੇ ਪੈਂਡਿੰਗ ਬਿੱਲ ਦੀ ਰਕਮ ਕਾਫੀ ਵੱਡੀ ਹੋ ਗਈ ਹੈ। ਅਸੀਂ ਉਨ੍ਹਾਂ ਦਾ ਜੁਰਮਾਨਾ ਅਤੇ ਵਿਆਜ ਮੁਆਫ਼ ਕਰ ਰਹੇ ਹਾਂ। ਸਿਰਫ਼ ਮੂਲ ਰਕਮ ਦਾ ਹੀ ਭੁਗਤਾਨ ਕਰਨਾ ਹੋਵੇਗਾ। ਜਿਹੜੇ ਘਰੇਲੂ ਖਪਤਕਾਰ ਦਾ ਬਿੱਲ ਨਾ ਭਰਨ ਕਰਕੇ ਬਿਜਲੀ ਕੁਨੈਕਸ਼ਨ ਕੱਟੇ ਗਏ ਹਨ, ਉਹ ਓਟੀਐਸ ਸਕੀਮ ਦੀਆਂ ਸ਼ਰਤਾਂ ਪੂਰੀਆਂ ਕਰਕੇ ਅਤੇ ਬਕਾਇਆ ਰਕਮ ਦਾ ਭੁਗਤਾਨ ਕਰਕੇ ਆਪਣੇ ਕੁਨੈਕਸ਼ਨ ਬਹਾਲ ਕਰਵਾ ਸਕਣਗੇ।

ਮੁੱਖ ਮੰਤਰੀ ਨੇ ਕਿਹਾ ਕਿ 25% ਰਕਮ ਸ਼ੁਰੂ ਵਿੱਚ ਜਮ੍ਹਾ ਕਰਵਾਉਣੀ ਹੋਵੇਗੀ। ਬਾਕੀ 75% ਦੀ 6-6 ਮਹੀਨਿਆਂ ਦੀਆਂ 2 ਕਿਸ਼ਤਾਂ ਹੋ ਜਾਣਗੀਆਂ। ਇਸ ਸਕੀਮ ਨਾਲ 24 ਲੱਖ 86 ਹਜ਼ਾਰ ਘਰੇਲੂ ਖਪਤਕਾਰਾਂ ਨੂੰ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਕੁੱਲ ਬਕਾਇਆ 2516 ਕਰੋੜ ਰੁਪਏ ਦਾ ਹੈ। ਇਸ ਵਿੱਚੋਂ 518 ਕਰੋੜ ਮੁਆਫ਼ ਕੀਤੇ ਜਾਣਗੇ। ਨੋਟੀਫਿਕੇਸ਼ਨ ਕੱਲ੍ਹ ਜਾਰੀ ਕੀਤਾ ਜਾਵੇਗਾ। ਲੋਕਾਂ ਨੂੰ ਕਿਤੇ ਵੀ ਭਾਲਣ ਦੀ ਲੋੜ ਨਹੀਂ ਪਵੇਗੀ। ਓਟੀਐਸ ਬਿੱਲ ਉਨ੍ਹਾਂ ਦੇ ਘਰ ਭੇਜੇ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਪਿੰਡਾਂ ਵਿੱਚ ਹੋਵੇ ਜਾਂ ਸ਼ਹਿਰਾਂ ਵਿੱਚ, ਇਸ ਦਾ ਫਾਇਦਾ ਸਾਰਿਆਂ ਨੂੰ ਮਿਲੇਗਾ। 600 ਯੂਨਿਟ ਤੱਕ ਪਹਿਲਾਂ ਹੀ ਮੁਆਫ਼ ਕੀਤੇ ਜਾ ਚੁੱਕੇ ਹਨ। ਇਸ ਤੋਂ ਵੱਧ ਬਕਾਇਆ ਵਾਲੇ ਲੋਕਾਂ ਨੂੰ ਫਾਇਦਾ ਹੋਵੇਗਾ।

ਟਿਕਟਾਂ ਕੱਟਣ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਕੋਈ ਵੀ ਬਹੁਤਾ ਨਾਰਾਜ਼ ਨਹੀਂ ਹੈ। ਥੋੜ੍ਹਾ ਜਿਹਾ ਮਨੁੱਖੀ ਸੁਭਾਅ ਹੈ, ਇਹ ਚੱਲਦਾ ਰਹਿੰਦਾ ਹੈ। ਹਰ ਬੰਦੇ ਨੂੰ ਤਾਂ ਟਿਕਟ ਨਹੀਂ ਦਿੱਤੀ ਜਾ ਸਕਦਾ। ਬਹੁਤ ਸਾਰੇ ਬੰਦੇ ਪਾਰਟੀ ਵਿੱਚ ਦੂਜੀਆਂ ਜ਼ਿੰਮੇਵਾਰੀਆਂ ਨਿਭਾਉਣਗੇ। ਸਾਰੇ ਪਰਦੇ ਤੇ ਨਹੀਂ ਆਉਂਦੇ, ਕੁਝ ਪਰਦੇ ਦੇ ਪਿੱਛੇ ਰਹਿ ਕੇ ਅਹਿਮ ਭੂਮਿਕਾਵਾਂ ਨਿਭਾਉਂਦੇ ਹਨ।

ਸੀਐਮ ਮਾਨ ਨੇ ਘਰੇਲੂ ਖਪਤਕਾਰਾਂ ਲਈ ਵਨਟਾਈਮ ਸੈਟਲਮੈਂਟ ਸਕੀਮ ਲਾਂਚ ਕੀਤੀ, 45 ਦਿਨਾਂ ਦਾ ਮਿਲੇਗਾ ਟਾਈਮ, ਬੋਲੇ - ਸਰਕਾਰ ਨੇ 518 ਕਰੋੜ ਰੁਪਏ ਦੇ ਬਿਜਲੀ ਬਿੱਲ ਕੀਤੇ ਮੁਆਫ (ਜਾਰੀ)

ਨਾਲ ਹੀ ਉਨ੍ਹਾਂ ਨੇ ਇਹ ਵੀ ਸਾਫ਼ ਕਰ ਦਿੱਤਾ ਕਿ ਉਨ੍ਹਾਂ ਦੀ ਪਤਨੀ ਗੁਰਪ੍ਰੀਤ ਕੌਰ ਚੋਣ ਨਹੀਂ ਲੜਣਗੇ।

ਅਕਾਲੀ-ਭਾਜਪਾ ਗੱਠਜੋੜ ਤੇ ਉਨ੍ਹਾਂ ਕਿਹਾ ਕਿ ਹੋ ਰਿਹਾ ਹੈ ਚੰਗੀ ਗੱਲ ਹੈ। ਇਹ ਸਾਡੇ ਲਈ ਕੋਈ ਚੁਣੌਤੀ ਨਹੀਂ ਹੈ; ਇਹ ਜ਼ੀਰੋ ਗੁਣਾ ਜ਼ੀਰੋ ਹੈ। ਬੀਜੇਪੀ ਆਗੂ ਸੁਨੀਲ ਜਾਖੜ ਦੇ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਖਿਲਾਫ਼ ਚੋਣਾ ਲੜਣ ਦੇ ਬਿਆਨ ਤੇ ਸੀਐਮ ਮਾਨ ਨੇ ਕਿਹਾ ਕਿ ਉਹ ਫੜਫੜਾਉਂਦਾ ਹੋਇਆ ਦੀਵਾ ਹਨ। ਉਨ੍ਹਾਂ ਦਾ ਸੰਨਿਆਸ ਲੈਣਾ ਤਾਂ ਬੰਣਦਾ ਹੈ। ਭਲਾ ਕੇਜਰੀਵਾਲ ਅਤੇ ਸਿਸੋਦੀਆ ਪੰਜਾਬ ਕਿਵੇਂ ਆ ਸਕਦੇ ਹਨ।

ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਸੁਖਬੀਰ ਬਾਦਲ ਤੇ ਤਿੱਖਾ ਹਮਲਾ ਬੋਦਲਿਆਂ ਉਨ੍ਹਾਂ ਕਿਹਾ ਕਿ ਉਹ ਅਮਿਤ ਸ਼ਾਹ ਨੂੰ ਮਿਲਣ ਨਹੀਂ ਗਏ ਹਨ, ਕਿਸੇ ਹੋਰ ਕੰਮ ਲਈ ਗਏ ਹਨ। ਨਾਲ ਹੀ ਉਨ੍ਹਾਂ ਨੇ ਬੀਬੀ ਜਾਗੀਰ ਕੌਰ ਦੀ ਅਕਾਲੀ ਦਲ ਵਿੱਚ ਵਾਪਸੀ ਟੱਲਣ ਤੇ ਤੰਜ ਕੱਸਦਿਆਂ ਕਿਹਾ ਕਿ ਬਹੁਤੇ ਘਰਾਂ ਦਾ ਪ੍ਰਾਹੁਣਾ ਭੁੱਖਾ ਹੀ ਰਹਿ ਜਾਂਦਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਉਨ੍ਹਾਂ ਨੂੰ ਫਾਰਿਗ ਕਰ ਦਿੱਤਾ ਅਤੇ ਅਕਾਲੀ ਦਲ ਵਿੱਚ ਵੀ ਵਾਪਸੀ ਨਹੀਂ ਹੋ ਸਕੀ।

ਉਨ੍ਹਾਂ ਕਿਹਾ ਕਿ ਪੰਜਾਬ ਦਾ ਧੂੰਆਂ ਸਿਰਫ਼ ਤਾਂ ਹੀ ਦਿੱਲੀ ਪਹੁੰਚੇਗਾ ਜੇਕਰ 100 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਵਾਵਾਂ ਚੱਲਣ, ਅਤੇ ਫਿਰ ਵੀ ਇਸ ਵਿੱਚ ਤਿੰਨ ਦਿਨ ਲੱਗਣਗੇ। ਪੰਜਾਬ ਵਿੱਚ ਝੋਨੇ ਦੀ ਕਟਾਈ ਵੀ ਨਹੀਂ ਹੋਈ ਸੀ, ਅਤੇ ਦਿੱਲੀ ਵਾਲੇ ਪਹਿਲਾਂ ਹੀ ਸ਼ਿਕਾਇਤ ਕਰਨ ਲੱਗ ਪਏ ਸਨ ਕਿ ਧੂੰਆਂ ਆ ਗਿਆ ਹੈ। ਅਸੀਂ ਜਿਹੜੀਆਂ ਗਰੰਟੀਆਂ ਨਹੀਂ ਵੀ ਲਿੱਖੀਆਂ ਸਨ, ਉਨ੍ਹਾਂ ਨੂੰ ਵੀ ਪੂਰਾ ਕੀਤਾ ਹੈ।

ਲਾਹੌਰ ਵਿੱਚ ਹੋਣ ਵਾਲੀ ਵਿਸ਼ਵ ਪੰਜਾਬੀ ਕਾਨਫਰੰਸ ਵਿੱਚ ਸ਼ਾਮਲ ਹੋਣ ਦੇ ਸਵਾਲ ਤੇ ਸੀਐਮ ਮਾਨ ਨੇ ਕਿਹਾ ਕਿ ਉਹ ਸਿਆਸੀ ਕਲੀਅਰੈਂਸ ਲਈ ਅਰਜੀ ਦੇ ਰਹੇ ਹਨ।

ਦੇਸ਼

ਜਲੰਧਰ ਪਹੁੰਚੇ ਹਰਿਆਣਾ ਸੀਐਮ ਦਾ ਐਲਾਨ

ਜਲੰਧਰ: ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਅੱਜ ਜਲੰਧਰ ਪਹੁੰਚੇ।

ਜਲੰਧਰ ਪਹੁੰਚੇ ਹਰਿਆਣਾ ਸੀਐਮ ਦਾ ਐਲਾਨ (ਜਾਰੀ)

ਇੱਥੇ ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਵਿਖੇ ਸਹਿਯੋਗ ਵੈੱਲਫੇਅਰ ਸੋਸਾਇਟੀ ਦੇ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਇਸ ਦੌਰਾਨ ਜਨ ਸਭਾ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਪੰਜਾਬ ਲਈ ਕਈ ਵੱਡੇ ਐਲਾਨ ਕੀਤੇ ਅਤੇ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖੇ ਸਿਆਸੀ ਹਮਲੇ ਵੀ ਕੀਤੇ।

ਨਾਇਬ ਸੈਣੀ ਨੇ ਕਿਹਾ ਕਿ ਜੇਕਰ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਦੀ ਹੈ ਤਾਂ ਲੋਕਾਂ ਨੂੰ 500 ਰੁਪਏ ਵਿੱਚ ਗੈਸ ਸਿਲੰਡਰ ਦਿੱਤਾ ਜਾਵੇਗਾ। ਉਨ੍ਹਾਂ ਮੁਤਾਬਕ, ਇਹ ਸਹੂਲਤ ਉਨ੍ਹਾਂ ਪਰਿਵਾਰਾਂ ਨੂੰ ਮਿਲੇਗੀ ਜਿਨ੍ਹਾਂ ਦੀ ਸਾਲਾਨਾ ਆਮਦਨ 1 ਲੱਖ 80 ਹਜ਼ਾਰ ਰੁਪਏ ਤੱਕ ਹੈ। ਉਨ੍ਹਾਂ ਦਾਅਵਾ ਕੀਤਾ ਕਿ ਹਰਿਆਣਾ ਵਿੱਚ ਵੀ ਭਾਜਪਾ ਸਰਕਾਰ ਵੱਲੋਂ ਇਸੇ ਕੀਮਤ 'ਤੇ ਸਿਲੰਡਰ ਦਿੱਤਾ ਜਾ ਰਿਹਾ ਹੈ।

ਨਾਇਬ ਸੈਣੀ ਨੇ ਕਿਹਾ ਕਿ ਪੰਜਾਬ ਲਈ ਆਉਣ ਵਾਲਾ ਸਮਾਂ ਤਬਦੀਲੀ ਦਾ ਸਮਾਂ ਹੈ। ਉਨ੍ਹਾਂ ਵਾਅਦਾ ਕੀਤਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਮਹਿਲਾਵਾਂ ਨੂੰ ਹਰ ਮਹੀਨੇ 2100 ਰੁਪਏ ਦਿੱਤੇ ਜਾਣਗੇ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਗੱਲ ਵੀ ਕਹੀ।

ਹਰਿਆਣਾ ਸਰਕਾਰ ਦੇ ਕੰਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦਾਅਵਾ ਕੀਤਾ ਕਿ ਪਿਛਲੇ 12 ਸਾਲਾਂ ਦੌਰਾਨ ਸੂਬੇ ਵਿੱਚ ਦੋ ਲੱਖ ਤੋਂ ਵੱਧ ਲੋਕਾਂ ਨੂੰ ਬਿਨਾਂ ਸਿਫ਼ਾਰਸ਼ ਦੇ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਆਯੁਸ਼ਮਾਨ ਯੋਜਨਾ ਤਹਿਤ ਲੋਕਾਂ ਦੇ ਕਾਰਡ ਬਣਾਉਣ ਦਾ ਵੀ ਜ਼ਿਕਰ ਕੀਤਾ।

ਪੰਜਾਬ

ਲੁਧਿਆਣਾ 'ਚ ਨਕਲੀ ਸਟਾਫ਼ ਗਿਰੋਹ ਦਾ ਪਰਦਾਫਾਸ਼, ਵਰਦੀ ਦਾ ਰੋਅਬ ਦਿਖਾ ਲੋਕਾਂ ਨੂੰ ਬਣਾਉਂਦੇ ਸੀ ਸ਼ਿਕਾਰ

ਲੁਧਿਆਣਾ ਪੁਲਿਸ ਨੇ ਲੰਬੇ ਸਮੇਂ ਤੋਂ ਮਿਲ ਰਹੀਆਂ ਸ਼ਿਕਾਇਤਾਂ ਦੇ ਆਧਾਰ 'ਤੇ ਵੱਡੀ ਕਾਰਵਾਈ ਕਰਦਿਆਂ ਇੱਕ ਅਜਿਹੇ ਗਿਰੋਹ ਦਾ ਪਰਦਾਫਾਸ਼ ਕੀਤਾ ਹੈ, ਜੋ ਖੁਦ ਨੂੰ ਸੀਆਈਏ ਸਟਾਫ਼ ਦਾ ਮੁਲਾਜ਼ਮ ਦੱਸ ਕੇ ਭੋਲੇ-ਭਾਲੇ ਲੋਕਾਂ ਨਾਲ ਠੱਗੀ ਮਾਰਦਾ ਸੀ। ਪੁਲਿਸ ਨੇ ਇਸ ਮਾਮਲੇ ਵਿੱਚ ਕਾਰਵਾਈ ਕਰਦਿਆਂ ਗਿਰੋਹ ਦੇ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।

ਮਨੋਰੰਜਨ ਵਿਸ਼ੇਸ਼

ਫ਼ਿਲਮੀ ਦੁਨੀਆ

ਸਿਨੇਮਾ, ਸਿਤਾਰੇ ਅਤੇ ਕਲਾਸਿਕ ਫ਼ਿਲਮਾਂ

ਨਾਇਕਾ ਪ੍ਰੋਫ਼ਾਈਲ

ਕਰੀਨਾ ਕਪੂਰ: ਸਿਨੇਮਾ ਦੇ ਪਰਦੇ ਤੋਂ ਦਰਸ਼ਕਾਂ ਦੇ ਦਿਲਾਂ ਤੱਕ ਦਾ ਸਫ਼ਰ

ਕਰੀਨਾ ਕਪੂਰ ਹਿੰਦੀ ਸਿਨੇਮਾ ਅਤੇ ਬਾਲੀਵੁੱਡ ਦੇ ਵੱਡੇ ਪਰਦੇ 'ਤੇ ਆਪਣੀ ਖ਼ੂਬਸੂਰਤੀ, ਪ੍ਰਤਿਭਾ ਅਤੇ ਲਾਜਵਾਬ ਕਲਾ ਸਦਕਾ ਅੱਜ ਦਰਸ਼ਕਾਂ ਦੇ ਦਿਲਾਂ 'ਤੇ ਰਾਜ ਕਰ ਰਹੀ ਹੈ। ਉਸ ਨੇ ਆਪਣੇ ਹਰ ਕਿਰਦਾਰ ਵਿੱਚ ਅਜਿਹੀ ਰੂਹ ਫੂਕੀ ਹੈ ਜਿਸ ਨੇ ਉਸ ਨੂੰ ਸਮਕਾਲੀ ਸਿਨੇਮਾ ਦੀ ਸਭ ਤੋਂ ਚਹੇਤੀ ਅਤੇ ਭਰੋਸੇਯੋਗ ਅਦਾਕਾਰਾ ਬਣਾ ਦਿੱਤਾ ਹੈ। ਸੰਸਾਰ ਭਰ ਦੇ ਹਿੰਦੀ ਅਤੇ ਪੰਜਾਬੀ ਦਰਸ਼ਕਾਂ ਵਿੱਚ ਉਸ ਦੀ ਫੈਨ ਫਾਲੋਇੰਗ ਬੇਮਿਸਾਲ ਹੈ ਅਤੇ ਉਸ ਦੀ ਹਰ ਨਵੀਂ ਪੇਸ਼ਕਸ਼ ਦਾ ਸਿਨੇਮਾ ਪ੍ਰੇਮੀ ਬੇਸਬਰੀ ਨਾਲ ਇੰਤਜ਼ਾਰ ਕਰਦੇ ਹਨ। ਉਸ ਦੀ ਅਦਾਕਾਰੀ ਵਿੱਚ ਸੁਭਾਵਿਕਤਾ ਅਤੇ ਡੂੰਘਾਈ ਦੀ ਅਦਭੁੱਤ ਮਹਿਕ ਮਿਲਦੀ ਹੈ।

ਕਰੀਨਾ ਕਪੂਰ ਦਾ ਜਨਮ 1980 ਦੇ ਦੌਰ ਵਿੱਚ ਇੱਕ ਸੁਹਿਰਦ ਪਰਿਵਾਰ ਵਿੱਚ ਹੋਇਆ। ਉਸ ਦੇ ਮਾਪਿਆਂ ਨੇ ਉਸ ਨੂੰ ਬਚਪਨ ਤੋਂ ਹੀ ਉੱਚੀ ਸਿੱਖਿਆ ਅਤੇ ਕਲਾ ਪ੍ਰਤੀ ਉਤਸ਼ਾਹਿਤ ਕੀਤਾ। ਸਕੂਲ ਅਤੇ ਕਾਲਜ ਦੀ ਪੜ੍ਹਾਈ ਦੌਰਾਨ ਹੀ ਉਸ ਅੰਦਰ ਕਲਾ, ਥੀਏਟਰ ਅਤੇ ਸਟੇਜ ਪ੍ਰਤੀ ਗੂੜ੍ਹੀ ਦਿਲਚਸਪੀ ਪੈਦਾ ਹੋ ਗਈ ਸੀ। ਉਹ ਹਮੇਸ਼ਾ ਆਪਣੀ ਸਖ਼ਤ ਮਿਹਨਤ ਅਤੇ ਨਿਵੇਕਲੀ ਸੋਚ ਸਦਕਾ ਸਾਥੀਆਂ ਵਿੱਚ ਵੱਖਰੀ ਨਜ਼ਰ ਆਉਂਦੀ ਸੀ।

ਸਿਨੇਮਾ ਦੇ ਵੱਡੇ ਪਰਦੇ 'ਤੇ ਕਦਮ ਰੱਖਣ ਤੋਂ ਪਹਿਲਾਂ ਕਰੀਨਾ ਕਪੂਰ ਨੇ ਮਾਡਲਿੰਗ ਅਤੇ ਥੀਏਟਰ ਦੇ ਖੇਤਰ ਵਿੱਚ ਆਪਣੇ ਹੁਨਰ ਨੂੰ ਤਰਾਸ਼ਿਆ। ਉਸ ਦੇ ਮੁੱਢਲੇ ਸੰਘਰਸ਼ ਨੇ ਉਸ ਨੂੰ ਧਰਾਤਲ ਨਾਲ ਜੋੜ ਕੇ ਰੱਖਿਆ। ਜਦੋਂ ਉਸ ਨੇ ਆਪਣੀ ਪਹਿਲੀ ਫ਼ਿਲਮ ਨਾਲ ਕੈਮਰੇ ਸਾਹਮਣੇ ਡੈਬਿਊ ਕੀਤਾ ਤਾਂ ਆਲੋਚਕਾਂ ਨੇ ਉਸ ਦੀ ਕੁਦਰਤੀ ਦਿੱਖ ਅਤੇ ਭਾਵਪੂਰਤ ਸੰਵਾਦ ਅਦਾਇਗੀ ਦੀ ਖ਼ੂਬ ਸ਼ਲਾਘਾ ਕੀਤੀ। ਉਸ ਦੀ ਪਹਿਲੀ ਕਾਮਯਾਬੀ ਨੇ ਸਾਬਤ ਕਰ ਦਿੱਤਾ ਕਿ ਉਹ ਲੰਬੀ ਰੇਸ ਦੀ ਘੋੜੀ ਹੈ।

ਆਪਣੇ ਕਰੀਅਰ ਦੇ ਆਰੰਭਕ ਦੌਰ ਵਿੱਚ ਹੀ ਕਰੀਨਾ ਕਪੂਰ ਨੇ ਰਵਾਇਤੀ ਕਿਰਦਾਰਾਂ ਦੀ ਥਾਂ ਗੰਭੀਰ ਅਤੇ ਅਰਥਪੂਰਨ ਕਹਾਣੀਆਂ ਦੀ ਚੋਣ ਕੀਤੀ। ਉਸ ਨੇ ਇਹ ਸਿੱਧ ਕੀਤਾ ਕਿ ਇੱਕ ਮਹਿਲਾ ਅਦਾਕਾਰਾ ਸਿਰਫ਼ ਗਲੈਮਰ ਤੱਕ ਸੀਮਤ ਨਹੀਂ ਹੁੰਦੀ, ਸਗੋਂ ਕਹਾਣੀ ਦੀ ਧੁਰੀ ਬਣ ਕੇ ਪੂਰੀ ਫ਼ਿਲਮ ਨੂੰ ਆਪਣੇ ਮੋਢਿਆਂ 'ਤੇ ਚੁੱਕ ਸਕਦੀ ਹੈ।


ਕਰੀਨਾ ਕਪੂਰ
✦ ਸਿਨੇਮਾ ਆਰਕਾਈਵ ✦

ਸਫ਼ਰ ਤੇ ਪ੍ਰਾਪਤੀਆਂ

ਕਰੀਨਾ ਕਪੂਰ: ਵੱਡੀਆਂ ਫ਼ਿਲਮਾਂ ਤੇ ਸਫ਼ਲਤਾ ਦਾ ਸਿਖ਼ਰ

ਉਸ ਦੀ ਸਕ੍ਰੀਨ ਪ੍ਰੈਜ਼ੈਂਸ ਨੇ ਦਰਸ਼ਕਾਂ ਨੂੰ ਸਿਨੇਮਾ ਹਾਲਾਂ ਵਿੱਚ ਬੰਨ੍ਹ ਕੇ ਰੱਖ ਦਿੱਤਾ।

ਸਫ਼ਲਤਾ ਦੀਆਂ ਪੌੜੀਆਂ ਚੜ੍ਹਦਿਆਂ ਕਰੀਨਾ ਕਪੂਰ ਨੇ ਇੱਕ ਤੋਂ ਬਾਅਦ ਇੱਕ ਸੁਪਰਹਿੱਟ ਫ਼ਿਲਮਾਂ ਦੇ ਕੇ ਬਾਕਸ ਆਫ਼ਿਸ 'ਤੇ ਨਵੇਂ ਕੀਰਤੀਮਾਨ ਸਥਾਪਿਤ ਕੀਤੇ। ਉੱਘੇ ਨਿਰਦੇਸ਼ਕਾਂ ਅਤੇ ਮੋਹਰੀ ਕਲਾਕਾਰਾਂ ਨਾਲ ਉਸ ਦੀ ਅਦਾਕਾਰੀ ਦੀ ਜੁਗਲਬੰਦੀ ਨੇ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ। ਉਸ ਨੇ ਰੋਮਾਂਟਿਕ, ਕਾਮੇਡੀ ਅਤੇ ਗੰਭੀਰ ਸਮਾਜਿਕ ਮੁੱਦਿਆਂ 'ਤੇ ਆਧਾਰਿਤ ਫ਼ਿਲਮਾਂ ਵਿੱਚ ਆਪਣੇ ਹਰ ਰੂਪ ਨੂੰ ਬਾਖ਼ੂਬੀ ਨਿਭਾਇਆ ਅਤੇ ਹਰ ਵਰਗ ਦੇ ਦਰਸ਼ਕਾਂ ਦੀ ਪ੍ਰਸ਼ੰਸਾ ਖੱਟੀ।

ਸਿਨੇਮਾ ਪ੍ਰੇਮੀਆਂ ਵੱਲੋਂ ਉਸ ਦੇ ਨਿਭਾਏ ਕਿਰਦਾਰਾਂ ਨੂੰ ਹਮੇਸ਼ਾ ਯਾਦਗਾਰੀ ਮੰਨਿਆ ਜਾਂਦਾ ਹੈ। ਉਸ ਦੀਆਂ ਕਈ ਫ਼ਿਲਮਾਂ ਨੇ ਰਾਸ਼ਟਰੀ ਅਤੇ ਕੌਮਾਂਤਰੀ ਪੱਧਰ 'ਤੇ ਵੱਡੇ ਪੁਰਸਕਾਰ ਜਿੱਤੇ। ਉਸ ਦੀ ਕਲਾਕਾਰੀ ਨੂੰ ਸਨਮਾਨਿਤ ਕਰਦਿਆਂ ਵੱਕਾਰੀ ਫ਼ਿਲਮ ਐਵਾਰਡਾਂ ਨਾਲ ਨਿਵਾਜਿਆ ਗਿਆ। ਉਸ ਦੇ ਗੀਤਾਂ ਅਤੇ ਸੰਵਾਦਾਂ ਨੇ ਸੰਗੀਤ ਜਗਤ ਵਿੱਚ ਵੀ ਧੂਮ ਮਚਾਈ ਅਤੇ ਕਰੋੜਾਂ ਸਰੋਤਿਆਂ ਦੀ ਪਸੰਦ ਬਣੇ।

ਅਦਾਕਾਰੀ ਦੇ ਨਾਲ ਨਾਲ ਕਰੀਨਾ ਕਪੂਰ ਸਮਾਜਿਕ ਭਲਾਈ ਅਤੇ ਲੋਕ-ਹਿਤੈਸ਼ੀ ਕਾਰਜਾਂ ਵਿੱਚ ਵੀ ਸਰਗਰਮ ਯੋਗਦਾਨ ਪਾਉਂਦੀ ਰਹੀ ਹੈ। ਉਹ ਨੌਜਵਾਨ ਕੁੜੀਆਂ ਲਈ ਇੱਕ ਪ੍ਰੇਰਨਾਦਾਇਕ ਸ਼ਖ਼ਸੀਅਤ ਹੈ ਜੋ ਆਤਮ-ਵਿਸ਼ਵਾਸ, ਦ੍ਰਿੜ੍ਹਤਾ ਅਤੇ ਸਵੈ-ਮਾਣ ਨਾਲ ਅੱਗੇ ਵਧਣ ਦਾ ਸੁਨੇਹਾ ਦਿੰਦੀ ਹੈ। ਉਸ ਦਾ ਨਿਮਰ ਸੁਭਾਅ ਅਤੇ ਆਪਣੇ ਪ੍ਰਸ਼ੰਸਕਾਂ ਪ੍ਰਤੀ ਅਥਾਹ ਸਤਿਕਾਰ ਉਸ ਦੀ ਸ਼ਖ਼ਸੀਅਤ ਨੂੰ ਹੋਰ ਵੀ ਚਾਰ ਚੰਨ ਲਾਉਂਦਾ ਹੈ।

ਅੱਜ ਕਰੀਨਾ ਕਪੂਰ ਭਾਰਤੀ ਸਿਨੇਮਾ ਦੇ ਅਸਮਾਨ ਵਿੱਚ ਉਹ ਚਮਕਦਾ ਸਿਤਾਰਾ ਹੈ ਜਿਸ ਦੀ ਕਲਾ ਅਤੇ ਪ੍ਰਤਿਭਾ ਆਉਣ ਵਾਲੀਆਂ ਪੀੜ੍ਹੀਆਂ ਲਈ ਮਾਰਗ-ਦਰਸ਼ਨ ਕਰਦੀ ਰਹੇਗੀ। ਇੱਕ ਸਾਧਾਰਨ ਸ਼ੁਰੂਆਤ ਤੋਂ ਉੱਠ ਕੇ ਸਿਨੇਮਾ ਦੇ ਸਿਖਰ 'ਤੇ ਪਹੁੰਚਣ ਦਾ ਉਸ ਦਾ ਸਫ਼ਰ ਇਹ ਦਰਸਾਉਂਦਾ ਹੈ ਕਿ ਸਮਰਪਣ ਅਤੇ ਸੱਚੀ ਲਗਨ ਨਾਲ ਕੋਈ ਵੀ ਮੁਕਾਮ ਹਾਸਲ ਕੀਤਾ ਜਾ ਸਕਦਾ ਹੈ। ਉਹ ਸੱਚਮੁੱਚ ਭਾਰਤੀ ਪਰਦੇ ਦੀ ਮਾਣਮੱਤੀ 'ਨਾਇਕਾ' ਹੈ।

ਹੀਰ ਵਾਰਿਸ ਸ਼ਾਹ

ਹਿੱਸਾ 8

28. ਰਾਂਝੇ ਦੇ ਭਰਾ: ਆਖ ਰਾਂਝਿਆ ਭਾਈ ਕੀ ਬਣੀ ਤੇਰੇ, ਦੇਸ ਆਪਣਾ ਛੱਡ ਸਿਧਾਰ ਨਾਹੀਂ। ਵੀਰਾ ਅੰਬੜੀ ਜਾਇਆ ਜਾਹ ਨਾਹੀਂ, ਸਾਨੂੰ ਨਾਲ ਫ਼ਿਰਾਕ ਦੇ ਮਾਰ ਨਾਹੀਂ। ਏਹ ਬੰਦੀਆਂ ਤੇ ਅਸੀਂ ਵੀਰ ਤੇਰੇ, ਕੋਈ ਹੋਰ ਵਿਚਾਰ ਵਿਚਾਰ ਨਾਹੀਂ। ਬਖ਼ਸ਼ ਇਹ ਗੁਨਾਹ ਤੂੰ ਭਾਬੀਆਂ ਨੂੰ, ਕੌਣ ਜੰਮਿਆ ਜੋ ਗੁਨਾਹਗਾਰ ਨਾਹੀਂ। ਭਾਈਆਂ ਬਾਝ ਨਾ ਮਜਲਸਾਂ ਸੋਹੰਦੀਆਂ ਨੀ, ਅਤੇ ਭਾਈਆਂ ਬਾਝ ਬਹਾਰ ਨਾਹੀਂ। ਭਾਈ ਮਰਨ ਤੇ ਪੌਂਦੀਆਂ ਭਜ ਬਾਹਾਂ, ਬਿਨਾਂ ਭਾਈਆਂ ਪਰਾ ਪਰਵਾਰ ਨਾਹੀਂ। ਲੱਖ ਓਟ ਹੈ ਕੋਲ ਵਸਿੰਦਿਆਂ ਦੀ, ਭਾਈਆਂ ਗਿਆਂ ਜੇਡੀ ਕੋਈ ਹਾਰ ਨਾਹੀਂ। ਭਾਈ ਢਾਹੁੰਦੇ ਭਾਈ ਉਸਾਰਦੇ ਨੇ, ਭਾਈਆਂ ਬਾਝ ਬਾਹਾਂ ਬੇਲੀ ਯਾਰ ਨਾਹੀਂ।

29. ਰਾਂਝਾ: ਰਾਂਝੇ ਆਖਿਆ ਉਠਿਆ ਰਿਜ਼ਕ ਮੇਰਾ, ਮੈਥੋਂ ਭਾਈਓ ਤੁਸੀਂ ਕੀ ਮੰਗਦੇ ਹੋ। ਸੰਭਾਲਿਆ ਜੇ ਬਾਪ ਦਾ ਮਿਲਖ ਸਾਰਾ, ਤੁਸੀਂ ਸਾਕ ਨਾ ਸੈਨ ਨਾ ਅੰਗ ਦੇ ਹੋ। ਵਸ ਲੱਗੇ ਤਾਂ ਮਨਸੂਰ ਵਾਂਗੂੰ, ਮੈਨੂੰ ਚਾਇ ਸੂਲੀ ਉਤੇ ਟੰਗਦੇ ਹੋ। ਵਿੱਚ ਖ਼ੁਸ਼ੀ ਹੋ ਅਸ ਦੇ ਨਿਕਲਣੇ 'ਤੇ, ਮੂੰਹ ਆਖਦੇ ਗੱਲ ਕਿ ਸੰਗਦੇ ਹੋ।

30. ਭਾਬੀਆਂ: ਭਰਜਾਈਆਂ ਆਖਿਆ ਰਾਂਝਿਆ ਵੇ, ਅਸੀਂ ਬੰਦੀਆਂ ਤੇਰੀਆਂ ਹੁੰਨੀਆਂ ਹਾਂ। ਨਾ ਲਿਆ ਹੈ ਜਦੋਂ ਤੂੰ ਜਾਵਣੇ ਦਾ, ਅਸੀਂ ਹੰਝੂਆਂ ਰੱਤ ਦੀਆਂ ਰੁੰਨੀਆਂ ਹਾਂ। ਜਾਨ ਮਾਲ ਕੁਰਬਾਨ ਹੈ ਤੁਧ ਉਤ, ਅਤੇ ਆਪ ਵੀ ਚੋਖਣੇ ਹੁੰਨੀਆਂ ਹਾਂ। ਸਾਨੂੰ ਸਬਰ ਕਰਾਰ ਨਾ ਆਂਵਦਾ ਹੈ, ਵਾਰਿਸ ਸ਼ਾਹ ਥੋਂ ਜਦ ਵਿਛੁੰਨੀਆਂ ਹਾਂ।

ਅਗਲਾ ਹਿੱਸਾ ਕੱਲ੍ਹ, ਏਸੇ ਥਾਂ

ਲੁਧਿਆਣਾ 'ਚ ਨਕਲੀ ਸਟਾਫ਼ ਗਿਰੋਹ ਦਾ ਪਰਦਾਫਾਸ਼, ਵਰਦੀ ਦਾ ਰੋਅਬ ਦਿਖਾ ਲੋਕਾਂ ਨੂੰ ਬਣਾਉਂਦੇ ਸੀ ਸ਼ਿਕਾਰ (ਜਾਰੀ)

ਇਸ ਸਬੰਧੀ ਪ੍ਰੈੱਸ ਕਾਨਫਰੰਸ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਸੀਨੀਅਰ ਪੁਲਿਸ ਅਧਿਕਾਰੀ ਹਰਪਾਲ ਸਿੰਘ ਨੇ ਦੱਸਿਆ ਕਿ ਕਾਬੂ ਕੀਤੇ ਗਏ ਮੁਲਜ਼ਮਾਂ ਵਿੱਚੋਂ ਇੱਕ ਪੰਜਾਬ ਹੋਮ ਗਾਰਡ ਦਾ ਮੁਲਾਜ਼ਮ ਹੈ, ਜੋ ਕਾਫ਼ੀ ਸਮਾਂ ਪਹਿਲਾਂ ਛੁੱਟੀ 'ਤੇ ਚਲਾ ਗਿਆ ਸੀ। ਇਸ ਤੋਂ ਬਾਅਦ ਉਸ ਨੇ ਆਪਣੇ ਕੁਝ ਹੋਰ ਸਾਥੀਆਂ ਨਾਲ ਮਿਲ ਕੇ ਇਹ ਗੈਰ-ਕਾਨੂੰਨੀ ਧੰਦਾ ਸ਼ੁਰੂ ਕਰ ਲਿਆ। ਪੁਲਿਸ ਵੱਲੋਂ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਵਾਰਦਾਤ ਵਿੱਚ ਵਰਤੀ ਜਾਣ ਵਾਲੀ ਇੱਕ ਗੱਡੀ ਵੀ ਬਰਾਮਦ ਕੀਤੀ ਗਈ ਹੈ।

ਸੀਨੀਅਰ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਪ੍ਰਿੰਸ, ਗੁਰਵਿੰਦਰ ਸਿੰਘ, ਸੁਰਿੰਦਰ ਪਾਲ ਸਿੰਘ ਅਤੇ ਅਜੀਤ ਕੁਮਾਰ ਵਜੋਂ ਹੋਈ ਹੈ। ਤਲਾਸ਼ੀ ਦੌਰਾਨ ਪੁਲਿਸ ਨੇ ਇਨ੍ਹਾਂ ਪਾਸੋਂ ਪੁਲਿਸ ਦੀ ਵਰਦੀ ਨਾਲ ਸਬੰਧਤ ਸਾਮਾਨ ਵੀ ਬਰਾਮਦ ਕੀਤਾ ਹੈ, ਜਿਸ ਵਿੱਚ ਖਾਕੀ ਰੰਗ ਦੀ ਪੱਗ, ਖਾਕੀ ਰੰਗ ਦੀ ਪੈਂਟ ਅਤੇ ਇੱਕ ਲਾਲ ਰੰਗ ਦੀ ਫਿਫਟੀ ਸ਼ਾਮਲ ਹੈ। ਮੁਲਜ਼ਮ ਇਨ੍ਹਾਂ ਵਰਦੀਆਂ ਦੀ ਵਰਤੋਂ ਕਰਕੇ ਲੋਕਾਂ 'ਤੇ ਰੋਅਬ ਪਾਉਂਦੇ ਸਨ ਤਾਂ ਜੋ ਕੋਈ ਵੀ ਉਨ੍ਹਾਂ 'ਤੇ ਸ਼ੱਕ ਨਾ ਕਰ ਸਕੇ। ਡਰਾ-ਧਮਕਾ ਕੇ ਕਰਦੇ ਸਨ ਵਸੂਲੀ

ਪੁਲਿਸ ਅਧਿਕਾਰੀਆਂ ਮੁਤਾਬਕ ਇਹ ਮੁਲਜ਼ਮ ਖੁਦ ਨੂੰ ਸੀਆਈਏ ਸਟਾਫ਼ ਦੇ ਅਧਿਕਾਰੀ ਦੱਸ ਕੇ ਰਾਹਗੀਰਾਂ ਅਤੇ ਆਮ ਲੋਕਾਂ ਨੂੰ ਡਰਾਉਂਦੇ-ਧਮਕਾਉਂਦੇ ਸਨ ਅਤੇ ਝੂਠੇ ਕੇਸਾਂ ਵਿੱਚ ਫਸਾਉਣ ਦਾ ਡਰ ਦਿਖਾ ਕੇ ਉਨ੍ਹਾਂ ਕੋਲੋਂ ਮੋਟੀਆਂ ਰਕਮਾਂ ਵਸੂਲਦੇ ਸਨ। ਪੁਲਿਸ ਨੇ ਦੱਸਿਆ ਕਿ ਇਸ ਪੂਰੇ ਨੈੱਟਵਰਕ ਵਿੱਚ ਇੱਕ ਹੋਰ ਮੁਲਜ਼ਮ ਵੀ ਸ਼ਾਮਲ ਹੈ, ਜੋ ਫਿਲਹਾਲ ਫ਼ਰਾਰ ਚੱਲ ਰਿਹਾ ਹੈ ਅਤੇ ਉਸ ਦੀ ਗ੍ਰਿਫ਼ਤਾਰੀ ਲਈ ਪੁਲਿਸ ਟੀਮਾਂ ਵੱਲੋਂ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ।

ਅਪਰਾਧ

ਪੌਪਕਾਰਨ ਵਿਵਾਦ: ਸਿਨੇਮਾ ਹਾਲ ਵਿੱਚ ਸਾਫਟਵੇਅਰ ਇੰਜੀਨੀਅਰ 'ਤੇ ਕਿਰਪਾਣ ਨਾਲ ਹਮਲਾ, ਆਈਸੀਯੂ 'ਚ ਦਾਖਲ

ਡੱਬਵਾਲੀ ਨੇੜੇ ਡੂਮਵਾਲੀ ਪਿੰਡ ਦੇ ਸੈਂਚੁਰੀ ਸਿਟੀ ਸਿਨੇਮਾ ਵਿੱਚ ਪੌਪਕਾਰਨ ਨੂੰ ਲੈ ਕੇ ਹੋਇਆ ਮਾਮੂਲੀ ਵਿਵਾਦ ਖੂਨੀ ਝਗੜੇ ਵਿੱਚ ਬਦਲ ਗਿਆ। ਫਿਲਮ ਦੇਖਣ ਪਹੁੰਚੀਆਂ 2 ਧਿਰਾਂ ਵਿਚਕਾਰ ਹੋਈ ਕਹਾਸੁਣੀ ਤੋਂ ਬਾਅਦ, ਇੱਕ ਨੌਜਵਾਨ 'ਤੇ ਕਥਿਤ ਤੌਰ 'ਤੇ ਕਿਰਪਾਣ ਨਾਲ ਹਮਲਾ ਕਰ ਦਿੱਤਾ ਗਿਆ।

ਹਮਲੇ ਵਿੱਚ ਗੰਭੀਰ ਜ਼ਖਮੀ ਹੋਏ ਨੌਜਵਾਨ ਮੇਹਰ ਮਿੱਢਾ ਨੂੰ ਬਠਿੰਡਾ ਦੇ ਮੈਕਸ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ, ਜਿੱਥੇ ਉਹ ਆਈਸੀਯੂ ਵਿੱਚ ਇਲਾਜ ਅਧੀਨ ਹੈ ਅਤੇ ਉਸਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਮੇਹਰ ਬੰਗਲੁਰੂ ਵਿੱਚ ਸਾਫਟਵੇਅਰ ਇੰਜੀਨੀਅਰ ਵਜੋਂ ਕੰਮ ਕਰਦਾ ਹੈ।

ਰਿਪੋਰਟਾਂ ਅਨੁਸਾਰ, ਡੱਬਵਾਲੀ ਦੇ ਵਾਰਡ ਨੰਬਰ 11 ਦੇ ਨਿਵਾਸੀ ਵਿਜੇ ਮਿੱਢਾ ਉਰਫ ਨਿੱਕਾ ਦਾ ਪਰਿਵਾਰ ਡੂਮਵਾਲੀ ਪਿੰਡ ਦੇ ਸੈਂਚੁਰੀ ਸਿਟੀ ਸਿਨੇਮਾ ਵਿੱਚ ਫਿਲਮ ਦੇਖਣ ਗਿਆ ਸੀ। ਸਿਨੇਮਾ ਹਾਲ ਵਿੱਚ ਮੇਹਰ ਮਿੱਢਾ ਅਤੇ ਕੁਝ ਪੌਪਕਾਰਨ ਵੇਚਣ ਵਾਲਿਆਂ ਵਿਚਕਾਰ ਪੌਪਕਾਰਨ ਨੂੰ ਲੈ ਕੇ ਵਿਵਾਦ ਹੋ ਗਿਆ। ਸ਼ੁਰੂ ਵਿੱਚ ਜੋ ਮਾਮੂਲੀ ਵਿਵਾਦ ਜਾਪਦਾ ਸੀ, ਪਰ ਇਹ ਵਿਵਾਦ ਜਲਦੀ ਹੀ ਝਗੜੇ ਵਿੱਚ ਬਦਲ ਗਿਆ, ਜਿਸ ਕਾਰਨ ਦੋਵਾਂ ਧਿਰਾਂ ਵਿਚਕਾਰ ਲੜਾਈ ਸ਼ੁਰੂ ਹੋ ਗਈ।

ਪੀੜਤ ਪਰਿਵਾਰ ਦੇ ਆਰੋਪਾਂ ਅਨੁਸਾਰ, ਕੁਝ ਪੌਪਕਾਰਨ ਵੇਚਣ ਵਾਲਿਆਂ ਨੇ ਮੇਹਰ ਨਾਲ ਬਹਿਸ ਕਰਨੀ ਸ਼ੁਰੂ ਕਰ ਦਿੱਤੀ। ਜਿਵੇਂ ਹੀ ਝਗੜਾ ਵਧਿਆ, ਆਰੋਪੀ ਨੇ ਕਥਿਤ ਤੌਰ 'ਤੇ ਮੇਹਰ 'ਤੇ ਤਲਵਾਰ ਨਾਲ ਹਮਲਾ ਕਰ ਦਿੱਤਾ, ਜਿਸ ਨਾਲ ਉਸਦੇ ਹੱਥ ਵਿੱਚ ਗੰਭੀਰ ਸੱਟ ਲੱਗ ਗਈ। ਇਸ ਅਚਾਨਕ ਵਾਪਰੀ ਘਟਨਾ ਨਾਲ ਸਿਨੇਮਾ ਹਾਲ ਵਿੱਚ ਦਹਿਸ਼ਤ ਫੈਲ ਗਈ। ਜ਼ਖਮੀ ਮੇਹਰ ਨੂੰ ਤੁਰੰਤ ਬਠਿੰਡਾ ਦੇ ਮੈਕਸ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਦੀ ਨਿਗਰਾਨੀ ਹੇਠ ਉਸਦਾ ਇਲਾਜ ਚੱਲ ਰਿਹਾ ਹੈ।

ਮੇਹਰ ਦੇ ਪਿਤਾ ਵਿਜੇ ਮਿੱਢਾ ਉਰਫ ਨਿੱਕਾ ਨੇ ਦੱਸਿਆ ਕਿ ਉਸਦਾ ਪੁੱਤਰ ਬੰਗਲੁਰੂ ਵਿੱਚ ਸਾਫਟਵੇਅਰ ਇੰਜੀਨੀਅਰ ਵਜੋਂ ਕੰਮ ਕਰਦਾ ਹੈ। ਉਹ 7 ਨਵੰਬਰ ਨੂੰ ਦੀਵਾਲੀ ਲਈ ਘਰ ਆਇਆ ਸੀ। ਇਹ ਘਟਨਾ ਉਦੋਂ ਵਾਪਰੀ ਜਦੋਂ ਪਰਿਵਾਰ ਫਿਲਮ ਦੇਖਣ ਗਿਆ ਸੀ।

ਪੌਪਕਾਰਨ ਵਿਵਾਦ: ਸਿਨੇਮਾ ਹਾਲ ਵਿੱਚ ਸਾਫਟਵੇਅਰ ਇੰਜੀਨੀਅਰ 'ਤੇ ਕਿਰਪਾਣ ਨਾਲ ਹਮਲਾ, ਆਈਸੀਯੂ 'ਚ ਦਾਖਲ (ਜਾਰੀ)

ਪਰਿਵਾਰ ਨੇ ਪਥਰਾਲਾ ਪੁਲਿਸ ਸਟੇਸ਼ਨ ਵਿੱਚ ਸ਼ਿਕਾਇਤ ਦਰਜ ਕਰਵਾਈ ਹੈ, ਜਿਸ ਵਿੱਚ ਮੁਲਜ਼ਮਾਂ ਖਿਲਾਫ ਕਾਰਵਾਈ ਦੀ ਮੰਗ ਕੀਤੀ ਗਈ ਹੈ।

ਪਥਰਾਲਾ ਪੁਲਿਸ ਸਟੇਸ਼ਨ ਇੰਚਾਰਜ ਧਰਮਵੀਰ ਸਿੰਘ ਨੇ ਦੱਸਿਆ ਕਿ ਜ਼ਖਮੀ ਨੌਜਵਾਨ ਦੀ ਹਾਲਤ ਨੂੰ ਦੇਖਦੇ ਹੋਏ, ਡਾਕਟਰਾਂ ਨੇ ਉਸਨੂੰ ਬਿਆਨ ਦੇਣ ਦੇ ਯੋਗ ਨਹੀਂ ਦੱਸਿਆ ਹੈ। ਪੁਲਿਸ ਉਸਦੇ ਬਿਆਨ ਦਰਜ ਕਰਨ ਦੀ ਉਡੀਕ ਕਰ ਰਹੀ ਹੈ। ਉਸਤੋਂ ਬਾਅਦ ਹੀ ਮਾਮਲੇ ਵਿੱਚ ਅੱਗੇ ਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਸਟੇਸ਼ਨ ਇੰਚਾਰਜ ਨੇ ਕਿਹਾ ਕਿ ਸਿਨੇਮਾ ਹਾਲ ਤੋਂ ਘਟਨਾ ਸੰਬੰਧੀ ਜਾਣਕਾਰੀ ਇਕੱਠੀ ਕੀਤੀ ਜਾਵੇਗੀ, ਅਤੇ ਸੀਸੀਟੀਵੀ ਫੁਟੇਜ ਜ਼ਬਤ ਕਰਕੇ ਜਾਂਚ ਕੀਤੀ ਜਾਵੇਗੀ। ਪੁਲਿਸ ਸਾਰੇ ਪਹਿਲੂਆਂ ਤੋਂ ਮਾਮਲੇ ਦੀ ਜਾਂਚ ਕਰ ਰਹੀ ਹੈ। ਜਾਂਚ ਅਤੇ ਜ਼ਖਮੀ ਨੌਜਵਾਨ ਦੇ ਬਿਆਨ ਤੋਂ ਬਾਅਦ ਹੀ ਝਗੜੇ ਦਾ ਪੂਰਾ ਕਾਰਨ ਅਤੇ ਹਮਲੇ ਵਿੱਚ ਸ਼ਾਮਲ ਲੋਕਾਂ ਦੀ ਭੂਮਿਕਾ ਸਪੱਸ਼ਟ ਹੋ ਸਕੇਗੀ।

ਪੰਜਾਬ

ਸ਼ਰਧਾਲੂਆਂ ਦੀ ਕਾਰ ਸੜਕ ਕਿਨਾਰੇ ਖੜ੍ਹੇ ਰੇਤ ਨਾਲ ਭਰੇ ਟਰੱਕ ਨਾਲ ਟਕਰਾਈ, ਤਿੰਨ ਦੀ ਮੌਤ, ਤਿੰਨ ਜ਼ਖਮੀ

ਕਟਿਹਾਰ: ਬਿਹਾਰ ਦੇ ਕਟਿਹਾਰ ਜ਼ਿਲ੍ਹੇ 'ਚ ਅੱਜ ਸਵੇਰੇ ਗੰਗਾ 'ਚ ਇਸ਼ਨਾਨ ਕਰਨ ਜਾ ਰਹੇ ਸ਼ਰਧਾਲੂਆਂ ਦੀ ਕਾਰ ਸੜਕ ਕਿਨਾਰੇ ਖੜ੍ਹੇ ਰੇਤ ਨਾਲ ਭਰੇ ਟਰੱਕ ਨਾਲ ਟਕਰਾ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਨੇ ਦੱਸਿਆ ਕਿ ਇਸ ਹਾਦਸੇ 'ਚ 2 ਔਰਤਾਂ ਸਮੇਤ 3 ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ 3 ਹੋਰ ਲੋਕ ਜ਼ਖਮੀ ਹੋ ਗਏ। ਜ਼ਖ਼ਮੀਆਂ ਵਿੱਚੋਂ ਦੋ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ।

ਮ੍ਰਿਤਕਾਂ ਦੀ ਪਛਾਣ ਸ਼ੰਭੂ ਸਿੰਘ (66), ਊਸ਼ਾ ਸਿੰਘ (64) ਅਤੇ ਮੰਜੂ ਰਾਣੀ ਸਾਹਾ (65) ਵਜੋਂ ਹੋਈ ਹੈ। ਤਿੰਨੋਂ ਕਟਿਹਾਰ ਨਗਰ ਥਾਣਾ ਖੇਤਰ ਦੇ ਬੈਗਨਾ ਦੇ ਰਹਿਣ ਵਾਲੇ ਸਨ। ਪੁਲਿਸ ਅਨੁਸਾਰ ਮਨਿਹਾਰੀ-ਕਟਿਹਾਰ ਚਾਰ ਮਾਰਗੀ 'ਤੇ ਤਕਨੀਕੀ ਖ਼ਰਾਬੀ ਕਾਰਨ ਰੇਤ ਨਾਲ ਭਰਿਆ ਟਰੱਕ ਸੜਕ ਕਿਨਾਰੇ ਖੜ੍ਹਾ ਸੀ। ਇਸ ਦੌਰਾਨ ਕਟਿਹਾਰ ਵੱਲੋਂ ਆ ਰਹੀ ਇੱਕ ਤੇਜ਼ ਰਫ਼ਤਾਰ ਕਾਰ ਬੇਕਾਬੂ ਹੋ ਕੇ ਟਰੱਕ ਦੇ ਪਿਛਲੇ ਪਾਸੇ ਜਾ ਟਕਰਾਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ 'ਚ ਸਵਾਰ ਲੋਕਾਂ ਨੂੰ ਸੰਭਲਣ ਦਾ ਮੌਕਾ ਵੀ ਨਹੀਂ ਮਿਲਿਆ।

ਮਨਿਹਾਰੀ ਥਾਣਾ ਇੰਚਾਰਜ ਸੰਤੋਸ਼ ਕੁਮਾਰ ਝਾਅ ਨੇ ਦੱਸਿਆ ਕਿ ਕਟਿਹਾਰ ਵੱਲੋਂ ਆ ਰਹੀ ਇਕ ਕਾਰ ਨੇ ਸੜਕ ਕਿਨਾਰੇ ਖੜ੍ਹੇ ਰੇਤ ਨਾਲ ਭਰੇ ਟਰੱਕ ਨੂੰ ਪਿੱਛੇ ਤੋਂ ਟੱਕਰ ਮਾਰ ਦਿੱਤੀ। ਇਸ ਹਾਦਸੇ 'ਚ ਕਾਰ 'ਚ ਸਵਾਰ ਤਿੰਨ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਬਾਕੀ ਜ਼ਖਮੀ ਹੋ ਗਏ। ਉਨ੍ਹਾਂ ਕਿਹਾ ਕਿ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

ਪੰਜਾਬ

ਲੁਧਿਆਣਾ 'ਚ ਪ੍ਰਾਪਰਟੀ ਡੀਲਰ ਤੋਂ 3 ਕਰੋੜ ਦੀ ਫਿਰੌਤੀ ਦੀ ਮੰਗ, ਵਿਦੇਸ਼ੀ ਨੰਬਰਾਂ ਤੋਂ ਆ ਰਹੀਆਂ ਧਮਕੀ ਭਰੀਆਂ ਕਾਲਾਂ

ਲੁਧਿਆਣਾ ਵਿੱਚ ਇੱਕ ਪ੍ਰਾਪਰਟੀ ਡੀਲਰ ਅਤੇ ਉਸ ਦੇ ਪਰਿਵਾਰ ਨੂੰ 3 ਕਰੋੜ ਰੁਪਏ ਦੀ ਫਿਰੌਤੀ ਲਈ ਜਾਨੋਂ ਮਾਰਨ ਦੀਆਂ ਧਮਕੀਆਂ ਮਿਲਣ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਇੱਕ ਅਣਪਛਾਤਾ ਵਿਅਕਤੀ ਵੱਖ-ਵੱਖ ਮੋਬਾਈਲ ਨੰਬਰਾਂ ਤੋਂ ਫ਼ੋਨ ਕਰਕੇ ਪ੍ਰਾਪਰਟੀ ਡੀਲਰ ਅਤੇ ਉਸ ਦੇ ਭਰਾ ਕੋਲੋਂ ਇਹ ਵੱਡੀ ਰਕਮ ਮੰਗ ਰਿਹਾ ਹੈ।

ਪੁਲਿਸ ਨੂੰ ਦਿੱਤੀ ਜਾਣਕਾਰੀ ਅਨੁਸਾਰ ਮੁਲਜ਼ਮ ਨੇ 12 ਨਵੰਬਰ ਨੂੰ ਵਟਸਐਪ 'ਤੇ ਧਮਕੀ ਭਰੇ ਲਿਖਤੀ ਸੁਨੇਹੇ ਅਤੇ ਵਾਇਸ ਮੈਸੇਜ ਵੀ ਭੇਜੇ ਹਨ। ਹਾਲਾਂਕਿ, ਇਸ ਮਾਮਲੇ ਵਿੱਚ ਅਜੇ ਤੱਕ ਕਿਸੇ ਖ਼ਾਸ ਗੈਂਗ ਦਾ ਨਾਮ ਸਾਹਮਣੇ ਨਹੀਂ ਆਇਆ ਹੈ ਅਤੇ ਪੁਲਿਸ ਵੱਲੋਂ ਤਕਨੀਕੀ ਆਧਾਰ 'ਤੇ ਕਾਲ ਕਰਨ ਵਾਲੇ ਨੰਬਰਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

ਸ਼ਿਕਾਇਤਕਰਤਾ ਦੀਪਕ ਗੁਪਤਾ, ਵਾਸੀ ਨਿਊ ਸ਼ਿਵਾਜੀ ਨਗਰ, ਨੇ ਪੁਲਿਸ ਕੋਲ ਦਰਜ ਕਰਵਾਏ ਬਿਆਨਾਂ ਵਿੱਚ ਦੱਸਿਆ ਕਿ ਉਸ ਦੇ ਮੋਬਾਈਲ ਫ਼ੋਨ ਅਤੇ ਉਸ ਦੇ ਭਰਾ ਸੰਦੀਪ ਗੁਪਤਾ ਦੇ ਮੋਬਾਈਲ ਫ਼ੋਨ 'ਤੇ ਕੋਈ ਅਣਪਛਾਤਾ ਵਿਅਕਤੀ ਲਗਾਤਾਰ ਵੱਖ-ਵੱਖ ਨੰਬਰਾਂ ਤੋਂ ਕਾਲਾਂ ਕਰ ਰਿਹਾ ਹੈ।

ਪ੍ਰਾਪਤ ਵੇਰਵਿਆਂ ਮੁਤਾਬਕ ਮੁਲਜ਼ਮ ਵੱਲੋਂ ਧਮਕੀਆਂ ਦੇਣ ਲਈ ਭਾਰਤੀ ਅਤੇ ਵਿਦੇਸ਼ੀ ਦੋਵਾਂ ਤਰ੍ਹਾਂ ਦੇ ਮੋਬਾਈਲ ਨੰਬਰਾਂ ਦੀ ਵਰਤੋਂ ਕੀਤੀ ਗਈ ਹੈ। ਇਨ੍ਹਾਂ ਕਾਲਾਂ ਰਾਹੀਂ 3 ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕਰਦਿਆਂ ਗੰਭੀਰ ਨਤੀਜੇ ਭੁਗਤਣ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਮੁਲਜ਼ਮ ਨੇ ਵਟਸਐਪ ਜ਼ਰੀਏ ਧਮਕੀ ਭਰੇ ਮੈਸੇਜ ਅਤੇ ਵਾਇਸ ਰਿਕਾਰਡਿੰਗਜ਼ ਵੀ ਭੇਜੀਆਂ ਹਨ।

ਸ਼ਿਕਾਇਤ ਮਿਲਣ ਤੋਂ ਬਾਅਦ ਪੁਲਿਸ ਨੇ ਮੁੱਢਲੀ ਤਫ਼ਤੀਸ਼ ਅਮਲ ਵਿੱਚ ਲਿਆਂਦੀ, ਜਿਸ ਦੇ ਆਧਾਰ 'ਤੇ ਥਾਣਾ ਡਿਵੀਜ਼ਨ ਨੰਬਰ-3 ਦੀ ਪੁਲਿਸ ਨੇ ਅਣਪਛਾਤੇ ਮੁਲਜ਼ਮ ਖ਼ਿਲਾਫ਼ ਭਾਰਤੀ ਨਿਆਂ ਸੰਹਿਤਾ ਦੀ ਧਾਰਾ 308 (2) ਤਹਿਤ ਮੁਕੱਦਮਾ ਦਰਜ ਕਰ ਲਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਡਿਵੀਜ਼ਨ ਨੰਬਰ-3 ਦੇ ਐਸਐਚਓ ਗੁਰਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਟੀਮਾਂ ਵੱਲੋਂ ਉਨ੍ਹਾਂ ਸਾਰੇ ਨੰਬਰਾਂ ਦੀ ਤਕਨੀਕੀ ਜਾਂਚ ਕੀਤੀ ਜਾ ਰਹੀ ਹੈ, ਜਿਨ੍ਹਾਂ ਤੋਂ ਫਿਰੌਤੀ ਦੀਆਂ ਕਾਲਾਂ ਅਤੇ ਮੈਸੇਜ ਆਏ ਹਨ, ਤਾਂ ਜੋ ਮੁਲਜ਼ਮ ਦੀ ਪਛਾਣ ਕਰਕੇ ਉਸ ਨੂੰ ਕਾਬੂ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਫਿਲਹਾਲ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਧਮਕੀਆਂ ਦੇਣ ਵਾਲਾ ਵਿਅਕਤੀ ਕਿਸੇ ਸੰਗਠਿਤ ਗੈਂਗ ਨਾਲ ਜੁੜਿਆ ਹੋਇਆ ਹੈ ਜਾਂ ਨਹੀਂ, ਜਿਸ ਬਾਰੇ ਜਾਂਚ ਜਾਰੀ ਹੈ।

ਮਨੋਰੰਜਨ

ਏਕਤਾ ਕਪੂਰ ਦੀ ਨਵੀਂ ਹੌਰਰ ਫਿਲਮ ਦਾ ਪਹਿਲਾ ਪੋਸਟਰ ਜਾਰੀ

ਨਵੀਂ ਦਿੱਲੀ: ਸ਼ੁੱਕਰਵਾਰ 13 ਨੂੰ ਅਸ਼ੁੱਭ ਅਤੇ ਡਰ ਨਾਲ ਜੋੜ ਕੇ ਦੇਖਿਆ ਜਾਂਦਾ ਹੈ। ਅਜਿਹੇ ਵਿੱਚ ਇਸ ਦਿਨ ਨੂੰ ਖਾਸ ਬਣਾਉਂਦੇ ਹੋਏ ਏਕਤਾ ਆਰ. ਕਪੂਰ ਅਤੇ ਅਮਰ ਬੁਟਾਲਾ ਨੇ ਆਪਣੀ ਨਵੀਂ ਹੌਰਰ

ਏਕਤਾ ਕਪੂਰ ਦੀ ਨਵੀਂ ਹੌਰਰ ਫਿਲਮ ਦਾ ਪਹਿਲਾ ਪੋਸਟਰ ਜਾਰੀ (ਜਾਰੀ)

ਫਿਲਮ 'ਹੀਰੋ ਕੀ ਹੌਰਰੋਇਨ' ਦਾ ਐਲਾਨ ਕਰ ਦਿੱਤਾ ਹੈ। ਫਿਲਮ ਦੇ ਟਾਈਟਲ ਦੇ ਨਾਲ ਇਸ ਦਾ ਪਹਿਲਾ ਲੁੱਕ ਪੋਸਟਰ ਵੀ ਜਾਰੀ ਕੀਤਾ ਗਿਆ ਹੈ। ਸਾਜਿਦ ਖਾਨ ਦੇ ਨਿਰਦੇਸ਼ਨ ਹੇਠ ਬਣ ਰਹੀ ਇਹ ਫਿਲਮ 2027 ਵਿੱਚ ਸਿਨੇਮਾਘਰਾਂ ਵਿੱਚ ਰਿਲੀਜ਼ ਹੋਵੇਗੀ।

ਜੈ ਹੋ ਮੀਡੀਆ ਵੈਂਚਰਜ਼ ਦੇ ਬੈਨਰ ਹੇਠ ਬਣੀ ਇਸ ਫਿਲਮ ਨੂੰ ਬਾਲਾਜੀ ਟੈਲੀਫਿਲਮਜ਼ ਲਿਮਟਿਡ ਪੇਸ਼ ਕਰ ਰਿਹਾ ਹੈ। ਫਿਲਮ ਦੀ ਕਮਾਨ ਨਿਰਮਾਤਾ ਸ਼ੋਭਾ ਕਪੂਰ, ਏਕਤਾ ਆਰ. ਕਪੂਰ ਅਤੇ ਅਮਰ ਬੁਟਾਲਾ ਨੇ ਸੰਭਾਲੀ ਹੈ। ਫਿਲਮ ਦਾ ਟਾਈਟਲ ਅਤੇ ਪੋਸਟਰ ਖਾਸ ਤੌਰ 'ਤੇ ਸ਼ੁੱਕਰਵਾਰ 13 ਦੇ ਮੌਕੇ 'ਤੇ ਜਾਰੀ ਕਰਨਾ ਇਸ ਦੇ ਹੌਰਰ ਅੰਦਾਜ਼ ਨੂੰ ਹੋਰ ਦਿਲਚਸਪ ਬਣਾਉਂਦਾ ਹੈ।

ਫਿਲਮ ਦਾ ਪਹਿਲਾ ਪੋਸਟਰ ਕਾਫ਼ੀ ਡਰਾਉਣਾ ਹੈ। ਇਸ ਵਿੱਚ ਲੰਬੇ ਖਿੱਲਰੇ ਵਾਲਾਂ, ਲਾਲ ਸਾੜ੍ਹੀ ਅਤੇ ਚਿੱਟੀਆਂ ਅੱਖਾਂ ਵਾਲੀ ਇੱਕ ਖ਼ੌਫ਼ਨਾਕ ਔਰਤ ਦਿਖਾਈ ਦੇ ਰਹੀ ਹੈ। ਉਸ ਦਾ ਵਿਗੜਿਆ ਹੋਇਆ ਚਿਹਰਾ, ਨੁਕੀਲੇ ਦੰਦ ਅਤੇ ਪੰਜਿਆਂ ਵਰਗੇ ਹੱਥ ਡਰ ਦਾ ਮਾਹੌਲ ਪੈਦਾ ਕਰਦੇ ਹਨ। ਪੋਸਟਰ ਦੇ ਪਿੱਛੇ ਦਿਖਾਈ ਦੇ ਰਿਹਾ ਧੂੰਆਂ ਅਤੇ ਹਨੇਰਾ ਫਿਲਮ ਦੀ ਰਹੱਸਮਈ ਦੁਨੀਆ ਦੀ ਝਲਕ ਪੇਸ਼ ਕਰਦਾ ਹੈ। ਪਹਿਲੀ ਨਜ਼ਰ ਵਿੱਚ ਹੀ ਇਹ ਪੋਸਟਰ ਦਰਸ਼ਕਾਂ ਦੇ ਮਨ ਵਿੱਚ ਫਿਲਮ ਦੀ ਕਹਾਣੀ ਨੂੰ ਲੈ ਕੇ ਕਈ ਸਵਾਲ ਖੜ੍ਹੇ ਕਰਦਾ ਹੈ।

ਏਕਤਾ ਆਰ. ਕਪੂਰ ਲਈ ਇਹ ਸਾਲ ਕਈ ਮਾਇਨਿਆਂ ਵਿੱਚ ਖਾਸ ਰਿਹਾ ਹੈ। ਉਨ੍ਹਾਂ ਦੀ ਫਿਲਮ 'ਭੂਤ ਬੰਗਲਾ' ਨੇ ਬਾਕਸ ਆਫਿਸ 'ਤੇ ਚੰਗਾ ਪ੍ਰਦਰਸ਼ਨ ਕੀਤਾ, ਜਦਕਿ 'ਦ ਵਵਾਨ' ਨੂੰ ਵੀ ਦਰਸ਼ਕਾਂ ਵੱਲੋਂ ਸਕਾਰਾਤਮਕ ਹੁੰਗਾਰਾ ਮਿਲਿਆ। ਛੋਟੇ ਪਰਦੇ 'ਤੇ 'ਕਿਉਂਕਿ ਸਾਸ ਭੀ ਕਭੀ ਬਹੂ ਥੀ 2' ਅਤੇ 'ਨਾਗਿਨ 7' ਰਾਹੀਂ ਬਾਲਾਜੀ ਟੈਲੀਫਿਲਮਜ਼ ਨੇ ਆਪਣੀ ਮਜ਼ਬੂਤ ਪਕੜ ਬਣਾਈ ਰੱਖੀ ਹੈ।

ਇਸ ਤੋਂ ਇਲਾਵਾ, ਯੂਟਿਊਬ ਨਾਲ ਸਾਂਝੇਦਾਰੀ ਕਰਕੇ ਐਕਸਕਲੂਸਿਵ ਪ੍ਰੀਮੀਅਮ ਸ਼ੋਅਜ਼ ਰਾਹੀਂ ਕੰਪਨੀ ਡਿਜੀਟਲ ਪਲੇਟਫਾਰਮ 'ਤੇ ਵੀ ਆਪਣੀ ਪਹੁੰਚ ਵਧਾ ਰਹੀ ਹੈ।

ਹੌਰਰ ਅਤੇ ਸੁਪਰ ਨੈਚੁਰਲ ਕਹਾਣੀਆਂ ਨਾਲ ਏਕਤਾ ਕਪੂਰ ਦਾ ਪੁਰਾਣਾ ਨਾਤਾ ਰਿਹਾ ਹੈ। ਇਸ ਜੌਨਰ ਵਿੱਚ ਕਈ ਯਾਦਗਾਰ ਪ੍ਰੋਜੈਕਟ ਦੇਣ ਤੋਂ ਬਾਅਦ ਹੁਣ ਉਹ 'ਹੀਰੋ ਕੀ ਹੌਰਰੋਇਨ' ਨਾਲ ਇੱਕ ਵਾਰ ਫਿਰ ਦਰਸ਼ਕਾਂ ਨੂੰ ਡਰਾਉਣ ਦੀ ਤਿਆਰੀ ਵਿੱਚ ਹਨ। ਫਿਲਮ ਦੇ ਪਹਿਲੇ ਲੁੱਕ ਤੋਂ ਸੰਕੇਤ ਮਿਲਦਾ ਹੈ ਕਿ ਇਸ ਵਿੱਚ ਰਹੱਸ, ਰੋਮਾਂਚ ਅਤੇ ਸੁਪਰ ਨੈਚੁਰਲ ਤੱਤਾਂ ਦਾ ਖਾਸ ਮੇਲ ਦੇਖਣ ਨੂੰ ਮਿਲ ਸਕਦਾ ਹੈ।

ਫਿਲਮ ਦੇ ਨਿਰਮਾਤਾ ਅਮਰ ਬੁਟਾਲਾ ਵੀ ਮਨੋਰੰਜਨ ਜਗਤ ਵਿੱਚ ਆਪਣੇ ਕੰਮ ਲਈ ਜਾਣੇ ਜਾਂਦੇ ਹਨ। ਉਹ 'ਬਜਰੰਗੀ ਭਾਈਜਾਨ' ਅਤੇ 'ਕੇਸਰੀ' ਵਰਗੀਆਂ ਸਫਲ ਫਿਲਮਾਂ ਤੋਂ ਇਲਾਵਾ 'ਮਿਸ਼ਨ ਮਜਨੂੰ' ਦਾ ਨਿਰਮਾਣ ਵੀ ਕਰ ਚੁੱਕੇ ਹਨ। ਹੁਣ ਏਕਤਾ ਕਪੂਰ ਨਾਲ ਉਨ੍ਹਾਂ ਦੀ ਇਹ ਸਾਂਝੇਦਾਰੀ ਹੌਰਰ ਜੌਨਰ ਵਿੱਚ ਇੱਕ ਨਵਾਂ ਪ੍ਰਯੋਗ ਲੈ ਕੇ ਆ ਰਹੀ ਹੈ। ਸਾਜਿਦ ਖਾਨ ਦਾ ਨਿਰਦੇਸ਼ਨ ਇਸ ਪ੍ਰੋਜੈਕਟ ਨੂੰ ਲੈ ਕੇ ਉਤਸੁਕਤਾ ਹੋਰ ਵਧਾ ਰਿਹਾ ਹੈ।

ਫਿਲਹਾਲ ਫਿਲਮ ਦੀ ਕਹਾਣੀ ਅਤੇ ਕਲਾਕਾਰਾਂ ਨਾਲ ਜੁੜੀ ਜਾਣਕਾਰੀ ਸਾਹਮਣੇ ਨਹੀਂ ਆਈ ਹੈ, ਪਰ ਇਸ ਦੇ ਟਾਈਟਲ ਅਤੇ ਪਹਿਲੇ ਪੋਸਟਰ ਨੇ ਦਰਸ਼ਕਾਂ ਵਿਚਕਾਰ ਚਰਚਾ ਸ਼ੁਰੂ ਕਰ ਦਿੱਤੀ ਹੈ। ਹੁਣ ਸਾਰਿਆਂ ਦੀਆਂ ਨਜ਼ਰਾਂ ਇਸ ਗੱਲ 'ਤੇ ਟਿਕੀਆਂ ਹਨ ਕਿ 'ਹੀਰੋ ਕੀ ਹੌਰਰੋਇਨ' ਵੱਡੇ ਪਰਦੇ 'ਤੇ ਕਿਸ ਤਰ੍ਹਾਂ ਦਾ ਡਰ ਅਤੇ ਰੋਮਾਂਚ ਲੈ ਕੇ ਆਉਂਦੀ ਹੈ। ਇਹ ਫਿਲਮ 2027 ਵਿੱਚ ਸਿਨੇਮਾਘਰਾਂ ਵਿੱਚ ਰਿਲੀਜ਼ ਹੋਵੇਗੀ।

ਦੇਸ਼

ਭਾਜਪਾ-ਅਕਾਲੀ ਦਲ ਗਠਜੋੜ 'ਤੇ ਅੰਤਿਮ ਫ਼ੈਸਲਾ ਅੱਜ, ਅਮਿਤ ਸ਼ਾਹ ਨੇ ਸੁਖਬੀਰ ਬਾਦਲ ਨੂੰ ਸੱਦਿਆ ਦਿੱਲੀ

ਪੰਜਾਬ ਦੀ ਸਿਆਸਤ ਵਿੱਚ ਇੱਕ ਵਾਰ ਫਿਰ ਵੱਡੀ ਹਲਚਲ ਤੇਜ਼ ਹੋ ਗਈ ਹੈ, ਕਿਉਂਕਿ ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਦਰਮਿਆਨ ਸੰਭਾਵੀ ਗਠਜੋੜ ਨੂੰ ਲੈ ਕੇ ਅੰਤਿਮ ਫ਼ੈਸਲਾ ਅੱਜ ਦਿੱਲੀ ਵਿੱਚ ਹੋਣ ਜਾ ਰਿਹਾ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਦਿੱਲੀ ਬੁਲਾਇਆ ਗਿਆ ਹੈ।

ਸਿਆਸੀ ਸੂਤਰਾਂ ਮੁਤਾਬਕ, ਜੇਕਰ ਅੱਜ ਦੀ ਇਸ ਅਹਿਮ ਬੈਠਕ ਵਿੱਚ ਗਠਜੋੜ ਨੂੰ ਲੈ ਕੇ ਸਹਿਮਤੀ ਨਹੀਂ ਬਣਦੀ, ਤਾਂ ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਆਗਾਮੀ ਚੋਣਾਂ ਇਕੱਲੇ-ਇਕੱਲੇ ਲੜਨ ਦੇ ਰਾਹ ਪੈਣਗੇ। ਦੂਜੇ ਪਾਸੇ, 'ਅਕਾਲੀ ਦਲ (ਪੁਨਰ ਸੁਰਜੀਤ)' ਵੱਲੋਂ ਪਹਿਲਾਂ ਹੀ ਇਹ ਸਪੱਸ਼ਟ ਐਲਾਨ ਕੀਤਾ ਜਾ ਚੁੱਕਾ ਹੈ ਕਿ ਜੇਕਰ ਭਾਜਪਾ ਦਾ ਸ਼੍ਰੋਮਣੀ ਅਕਾਲੀ ਦਲ (ਬਾਦਲ) ਨਾਲ ਗਠਜੋੜ ਹੁੰਦਾ ਹੈ, ਤਾਂ ਉਹ ਭਾਜਪਾ ਦੇ ਨਾਲ ਨਹੀਂ ਆਉਣਗੇ। ਗਿਆਨੀ ਹਰਪ੍ਰੀਤ ਸਿੰਘ ਦੇ ਇਸ ਸਖ਼ਤ ਐਲਾਨ ਤੋਂ ਬਾਅਦ ਗਠਜੋੜ ਵਿੱਚ ਸੀਟਾਂ ਦੇ ਸਮੀਕਰਨਾਂ ਨੂੰ ਲੈ ਕੇ ਕੁਝ ਅਹਿਮ ਫੇਰਬਦਲ ਵੇਖਣ ਨੂੰ ਮਿਲ ਸਕਦੇ ਹਨ।

ਸਮੀਕਰਨਾਂ ਵਿੱਚ ਆਏ ਇਸ ਬਦਲਾਅ ਕਾਰਨ ਗਠਜੋੜ ਤਹਿਤ ਭਾਜਪਾ ਦੇ ਕੋਟੇ ਦੀਆਂ ਸੀਟਾਂ ਵਿੱਚ ਵਾਧਾ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਉੱਧਰ, ਸੁਖਬੀਰ ਸਿੰਘ ਬਾਦਲ ਨੂੰ ਅਚਾਨਕ ਦਿੱਲੀ ਬੁਲਾਏ ਜਾਣ ਕਾਰਨ ਬੀਬੀ ਜਗੀਰ ਕੌਰ ਦੀ ਅੱਜ ਸ਼੍ਰੋਮਣੀ ਅਕਾਲੀ ਦਲ ਵਿੱਚ ਹੋਣ ਵਾਲੀ ਘਰ ਵਾਪਸੀ ਫਿਲਹਾਲ ਟਲ ਗਈ ਹੈ। ਤੈਅ ਪ੍ਰੋਗਰਾਮ ਅਨੁਸਾਰ, ਸੁਖਬੀਰ ਬਾਦਲ ਨੇ ਅੱਜ ਬੀਬੀ ਜਗੀਰ ਕੌਰ ਦੇ ਗ੍ਰਹਿ ਵਿਖੇ ਜਾ ਕੇ ਉਨ੍ਹਾਂ ਨੂੰ ਮੁੜ ਪਾਰਟੀ ਵਿੱਚ ਸ਼ਾਮਲ ਕਰਵਾਉਣਾ ਸੀ, ਪਰ ਹੁਣ ਉਹ ਦਿੱਲੀ ਦੌਰੇ ਤੋਂ ਵਾਪਸ ਪਰਤਣ ਉਪਰੰਤ ਹੀ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਉਣਗੇ।

ਅਕਾਲੀ ਦਲ (ਪੁਨਰ ਸੁਰਜੀਤ) ਦੇ ਤਿੱਖੇ ਤੇਵਰਾਂ ਤੋਂ ਬਾਅਦ ਗਠਜੋੜ ਦੀ ਰੂਪ-ਰੇਖਾ ਵਿੱਚ ਕੁਝ ਤਬਦੀਲੀਆਂ ਕੀਤੀਆਂ ਜਾ ਸਕਦੀਆਂ ਹਨ। ਇਸ ਤੋਂ ਪਹਿਲਾਂ ਭਾਜਪਾ ਅਤੇ ਅਕਾਲੀ ਦਲ ਵਿਚਾਲੇ 70-47 ਸੀਟਾਂ ਦੇ ਫਾਰਮੂਲੇ 'ਤੇ ਗੱਲਬਾਤ ਚੱਲ ਰਹੀ ਸੀ, ਪਰ ਪੁਨਰ ਸੁਰਜੀਤ ਧੜੇ ਵੱਲੋਂ ਗਠਜੋੜ ਵਿੱਚ ਸ਼ਾਮਲ ਨਾ ਹੋਣ ਦੀ ਚਿਤਾਵਨੀ ਦਿੱਤੇ ਜਾਣ ਮਗਰੋਂ ਹੁਣ ਸੀਟ ਸ਼ੇਅਰਿੰਗ ਦੇ ਅੰਕੜਿਆਂ ਵਿੱਚ ਬਦਲਾਅ ਹੋਣਾ ਲਗਭਗ ਤੈਅ ਮੰਨਿਆ ਜਾ ਰਿਹਾ ਹੈ।

ਭਾਰਤੀ ਜਨਤਾ ਪਾਰਟੀ ਅਤੇ ਅਕਾਲੀ ਦਲ ਦੇ ਸਥਾਨਕ ਆਗੂ ਤੇ ਵਰਕਰ ਅਜੇ ਤੱਕ ਇਸ ਭੰਬਲਭੂਸੇ ਵਿੱਚ ਫਸੇ ਹੋਏ ਹਨ ਕਿ ਦੋਵਾਂ ਪਾਰਟੀਆਂ ਦਾ ਗਠਜੋੜ ਹੋਵੇਗਾ ਜਾਂ ਨਹੀਂ, ਅਤੇ ਜੇਕਰ ਸਮਝੌਤਾ ਹੁੰਦਾ

ਭਾਜਪਾ-ਅਕਾਲੀ ਦਲ ਗਠਜੋੜ 'ਤੇ ਅੰਤਿਮ ਫ਼ੈਸਲਾ ਅੱਜ, ਅਮਿਤ ਸ਼ਾਹ ਨੇ ਸੁਖਬੀਰ ਬਾਦਲ ਨੂੰ ਸੱਦਿਆ ਦਿੱਲੀ (ਜਾਰੀ)

ਹੈ ਤਾਂ ਕਿਸ ਪਾਰਟੀ ਦੇ ਹਿੱਸੇ ਕਿਹੜੀਆਂ ਸੀਟਾਂ ਆਉਣਗੀਆਂ। ਇਸ ਅਨਿਸ਼ਚਿਤਤਾ ਕਾਰਨ ਦੋਵਾਂ ਦਲਾਂ ਦੇ ਆਗੂ ਜ਼ਮੀਨੀ ਪੱਧਰ 'ਤੇ ਖੁੱਲ੍ਹ ਕੇ ਚੋਣ ਪ੍ਰਚਾਰ ਤੇ ਕੰਮ ਨਹੀਂ ਕਰ ਪਾ ਰਹੇ ਹਨ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਚਾਹੁੰਦੇ ਹਨ ਕਿ ਪਾਰਟੀ ਆਗੂਆਂ ਨੂੰ ਹੁਣ ਸਥਿਤੀ ਪੂਰੀ ਤਰ੍ਹਾਂ ਸਪੱਸ਼ਟ ਕਰ ਦਿੱਤੀ ਜਾਵੇ ਕਿ ਗਠਜੋੜ ਹੋਵੇਗਾ ਜਾਂ ਨਹੀਂ ਅਤੇ ਕਿਹੜੀ ਸੀਟ ਤੋਂ ਕਿਹੜੀ ਪਾਰਟੀ ਚੋਣ ਮੈਦਾਨ ਵਿੱਚ ਉੱਤਰੇਗੀ।

ਜੇਕਰ ਅਮਿਤ ਸ਼ਾਹ ਅਤੇ ਸੁਖਬੀਰ ਬਾਦਲ ਦਰਮਿਆਨ ਹੋਣ ਵਾਲੀ ਇਸ ਮੀਟਿੰਗ ਵਿੱਚ ਗਠਜੋੜ 'ਤੇ ਅੰਤਿਮ ਮੋਹਰ ਲੱਗ ਜਾਂਦੀ ਹੈ, ਤਾਂ ਜਲਦ ਹੀ ਇਸ ਦਾ ਰਸਮੀ ਐਲਾਨ ਕਰ ਦਿੱਤਾ ਜਾਵੇਗਾ। ਗਠਜੋੜ ਦੇ ਐਲਾਨ ਨੂੰ ਇਤਿਹਾਸਕ ਬਣਾਉਣ ਲਈ ਅਗਲੇ ਹਫ਼ਤੇ ਪੰਜਾਬ ਦੇ ਬਠਿੰਡਾ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇੱਕ ਵਿਸ਼ਾਲ ਰੈਲੀ ਆਯੋਜਿਤ ਕਰਨ ਦੀ ਯੋਜਨਾ ਹੈ। ਅੱਜ ਦੀ ਬੈਠਕ ਦੌਰਾਨ ਦੋਵੇਂ ਆਗੂ ਪ੍ਰਧਾਨ ਮੰਤਰੀ ਦੀ ਇਸ ਪ੍ਰਸਤਾਵਿਤ ਰੈਲੀ ਦੀਆਂ ਤਿਆਰੀਆਂ ਬਾਰੇ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕਰਨਗੇ।

ਨਾਇਬ ਸਿੰਘ ਸੈਣੀ ਦੇ ਘਰ ਅਹਿਮ ਬੈਠਕ: ਗਠਜੋੜ ਦੀ ਜ਼ਮੀਨ ਤਿਆਰ ਕਰਨ ਅਤੇ ਮੁੱਢਲਾ ਸੰਵਾਦ ਮੁੜ ਸਥਾਪਿਤ ਕਰਨ ਲਈ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਰਿਹਾਇਸ਼ 'ਤੇ ਇੱਕ ਗੁਪਤ ਤੇ ਅਹਿਮ ਬੈਠਕ ਹੋਈ ਸੀ, ਜਿਸ ਵਿੱਚ ਦੋਵਾਂ ਪਾਰਟੀਆਂ ਵਿਚਾਲੇ ਗਠਜੋੜ 'ਤੇ ਮੁੜ ਵਿਚਾਰ ਕਰਨ ਦਾ ਫ਼ੈਸਲਾ ਲਿਆ ਗਿਆ।

ਸੁਖਬੀਰ ਬਾਦਲ ਦੀ ਦਿੱਲੀ 'ਚ ਪ੍ਰਧਾਨ ਮੰਤਰੀ ਨਾਲ ਮੁਲਾਕਾਤ: ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਹੋਣ ਦੇ ਤੁਰੰਤ ਬਾਅਦ ਪ੍ਰਧਾਨ ਮੰਤਰੀ ਦਫ਼ਤਰ ਤੋਂ ਸੁਖਬੀਰ ਸਿੰਘ ਬਾਦਲ ਨੂੰ ਫ਼ੋਨ ਆਇਆ ਅਤੇ ਉਨ੍ਹਾਂ ਨੂੰ ਦਿੱਲੀ ਸੱਦਿਆ ਗਿਆ। ਸੰਸਦ ਭਵਨ ਕੰਪਲੈਕਸ ਵਿਖੇ ਸੁਖਬੀਰ ਬਾਦਲ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਰਮਿਆਨ ਮੁਲਾਕਾਤ ਹੋਈ, ਜਿਸ ਤੋਂ ਬਾਅਦ ਸਿਆਸੀ ਗਲਿਆਰਿਆਂ ਵਿੱਚ ਸੁਲ੍ਹਾ-ਸਫ਼ਾਈ ਦੀਆਂ ਚਰਚਾਵਾਂ ਨੇ ਜ਼ੋਰ ਫੜ ਲਿਆ।

ਸੀਨੀਅਰ ਆਗੂਆਂ ਦੀਆਂ ਲਗਾਤਾਰ ਮੀਟਿੰਗਾਂ: ਸਿਖਰਲੀ ਲੀਡਰਸ਼ਿਪ ਦੇ ਇਸ਼ਾਰੇ ਮਿਲਣ ਤੋਂ ਬਾਅਦ ਦੋਵਾਂ ਪਾਰਟੀਆਂ ਦੇ ਸੀਨੀਅਰ ਆਗੂਆਂ ਦਰਮਿਆਨ ਵੱਖ-ਵੱਖ ਪੱਧਰਾਂ 'ਤੇ ਗੁਪਤ ਅਤੇ ਰਸਮੀ ਬੈਠਕਾਂ ਦਾ ਦੌਰ ਚੱਲਿਆ ਤਾਂ ਜੋ ਜ਼ਮੀਨੀ ਹਕੀਕਤ ਅਤੇ ਸਿਆਸੀ ਸਮੀਕਰਨਾਂ ਨੂੰ ਸਮਝਿਆ ਜਾ ਸਕੇ। ਇਸੇ ਕੜੀ ਤਹਿਤ ਸੁਖਬੀਰ ਬਾਦਲ ਦੀ ਕੇਂਦਰੀ ਮੰਤਰੀ ਅਤੇ ਪੰਜਾਬ ਚੋਣ ਇੰਚਾਰਜ ਸੀ.ਆਰ. ਪਾਟਿਲ ਨਾਲ ਵੀ ਅਹਿਮ ਮੀਟਿੰਗ ਹੋਈ।

94-23 ਦੀ ਬਜਾਏ ਨਵੇਂ ਫਾਰਮੂਲਿਆਂ 'ਤੇ ਮੰਥਨ: ਪੁਰਾਣੇ 94-23 ਸੀਟਾਂ ਦੇ ਅਨੁਪਾਤ ਨੂੰ ਛੱਡ ਕੇ ਨਵੇਂ ਸਿਰੇ ਤੋਂ ਸੀਟਾਂ ਦੀ ਵੰਡ 'ਤੇ ਗੰਭੀਰ ਮੰਥਨ ਹੋਇਆ। ਭਾਜਪਾ ਦੀ ਵਧਦੀ ਮੰਗ ਅਤੇ ਸ਼ਹਿਰੀ-ਦਿਹਾਤੀ ਸੀਟਾਂ ਦੇ ਬਦਲੇ ਸਮੀਕਰਨਾਂ ਨੂੰ ਵੇਖਦਿਆਂ ਕਈ ਨਵੇਂ ਫਾਰਮੂਲਿਆਂ 'ਤੇ ਵਿਚਾਰ ਕੀਤਾ ਗਿਆ। ਭਾਜਪਾ ਨੇ 50-50 ਫ਼ੀਸਦੀ ਸੀਟਾਂ 'ਤੇ ਚੋਣ ਲੜਨ ਦਾ ਫਾਰਮੂਲਾ ਪੇਸ਼ ਕਰਦਿਆਂ ਅਕਾਲੀ ਦਲ ਨੂੰ ਸਪੱਸ਼ਟ ਸੰਦੇਸ਼ ਦਿੱਤਾ ਕਿ ਹੁਣ ਭਾਜਪਾ ਪਹਿਲਾਂ ਵਾਲੀ 23 ਸੀਟਾਂ ਵਾਲੀ ਪਾਰਟੀ ਨਹੀਂ ਰਹੀ।

ਅਕਾਲੀ ਦਲ (ਪੁਨਰ ਸੁਰਜੀਤ) ਦੀ ਐਡਜਸਟਮੈਂਟ 'ਤੇ ਬਦਲੇ ਸਮੀਕਰਨ: ਸ਼ੁਰੂਆਤੀ ਦੌਰ ਵਿੱਚ ਗਠਜੋੜ ਅੰਦਰ ਅਕਾਲੀ ਦਲ (ਪੁਨਰ ਸੁਰਜੀਤ) ਦੀ ਭੂਮਿਕਾ ਅਤੇ ਐਡਜਸਟਮੈਂਟ ਨੂੰ ਲੈ ਕੇ ਵੀ ਕਿਆਸ ਲਗਾਏ ਗਏ ਸਨ। ਭਾਜਪਾ ਨੇ ਗਠਜੋੜ ਵਿੱਚ ਪੁਨਰ ਸੁਰਜੀਤ ਧੜੇ ਨੂੰ ਆਪਣੇ ਹਿੱਸੇ ਦੀਆਂ 10 ਤੋਂ 12 ਸੀਟਾਂ ਦੇਣ 'ਤੇ ਵੀ ਸਹਿਮਤੀ ਜਤਾਈ ਸੀ, ਪਰ ਗਿਆਨੀ ਹਰਪ੍ਰੀਤ ਸਿੰਘ ਦੇ ਸਖ਼ਤ ਰੁਖ਼ ਅਤੇ ਬਾਦਲ ਦਲ ਤੋਂ ਦੂਰੀ ਬਣਾਈ ਰੱਖਣ ਦੇ ਐਲਾਨ ਤੋਂ ਬਾਅਦ ਹੁਣ ਸਿਆਸੀ ਸਮੀਕਰਨ ਪੂਰੀ ਤਰ੍ਹਾਂ ਬਦਲ ਚੁੱਕੇ ਹਨ।

ਪੰਜਾਬ

ਪੰਜਾਬ-ਮਹਿਲਾ ਅਕਾਲੀ ਦਲ 'ਚ ਵੱਡਾ ਫੇਰਬਦਲ: ਕੰਚਨਪ੍ਰੀਤ ਸੀਨੀਅਰ ਮੀਤ ਪ੍ਰਧਾਨ, ਰਚਨਾ ਓਬਰਾਏ ਜਨਰਲ ਸਕੱਤਰ ਬਣੀ

ਸ਼੍ਰੋਮਣੀ ਅਕਾਲੀ ਦਲ ਨੇ ਮਹਿਲਾ ਅਕਾਲੀ ਦਲ ਦੇ ਸੰਗਠਨਾਤਮਕ ਢਾਂਚੇ ਦੀ ਪਹਿਲੀ ਸੂਚੀ ਜਾਰੀ ਕਰਕੇ ਜ਼ਮੀਨੀ ਪੱਧਰ 'ਤੇ ਆਪਣੇ ਮਹਿਲਾ ਵਿੰਗ ਨੂੰ ਮਜ਼ਬੂਤ ਕਰਨ ਵੱਲ ਇੱਕ ਵੱਡਾ ਕਦਮ ਚੁੱਕਿਆ ਹੈ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮਹਿਲਾ ਅਕਾਲੀ ਦਲ ਦੀ ਮੁਖੀ ਬੀਬੀ ਹਰਗੋਬਿੰਦ ਕੌਰ ਨਾਲ ਵਿਆਪਕ ਵਿਚਾਰ-ਵਟਾਂਦਰੇ ਤੋਂ ਬਾਅਦ ਇਨ੍ਹਾਂ ਨਿਯੁਕਤੀਆਂ ਨੂੰ ਮਨਜ਼ੂਰੀ ਦਿੱਤੀ। ਅਧਿਕਾਰਤ ਸੂਚੀ ਚੰਡੀਗੜ੍ਹ ਸਥਿਤ ਪਾਰਟੀ ਹੈੱਡਕੁਆਰਟਰ ਤੋਂ ਸਾਂਝੀ ਕੀਤੀ ਗਈ। ਜਾਣਕਾਰੀ ਦਿੰਦਿਆਂ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਪਹਿਲੀ ਸੂਚੀ ਵਿੱਚ ਸਮਰਪਿਤ, ਤਜਰਬੇਕਾਰ ਅਤੇ ਲੰਬੇ ਸਮੇਂ ਤੋਂ ਕੰਮ ਕਰ ਰਹੀਆਂ ਮਹਿਲਾ ਆਗੂਆਂ ਨੂੰ ਵੱਖ-ਵੱਖ ਮਹੱਤਵਪੂਰਨ ਅਹੁਦਿਆਂ 'ਤੇ ਸਥਾਨ ਦਿੱਤਾ ਗਿਆ ਹੈ ਤਾਂ ਜੋ ਸੰਗਠਨ ਨੂੰ ਨਵੀਂ ਊਰਜਾ ਮਿਲ ਸਕੇ। ਜਾਰੀ ਕੀਤੀ ਗਈ ਸੂਚੀ ਅਨੁਸਾਰ, ਸੂਬੇ ਭਰ ਤੋਂ 10 ਸੀਨੀਅਰ ਮਹਿਲਾ ਆਗੂਆਂ ਨੂੰ ਮਹਿਲਾ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਜਦੋਂ ਕਿ ਵੱਖ-ਵੱਖ ਜ਼ਿਲ੍ਹਿਆਂ ਤੋਂ 14 ਸਰਗਰਮ ਮਹਿਲਾ ਆਗੂਆਂ ਨੂੰ ਉਪ ਪ੍ਰਧਾਨ ਬਣਾਇਆ ਗਿਆ ਹੈ। ਰਚਨਾ ਓਬਰਾਏ ਨੂੰ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ

ਇਸ ਦੌਰਾਨ, ਪਾਰਟੀ ਲੀਡਰਸ਼ਿਪ ਨੇ ਰਚਨਾ ਓਬਰਾਏ 'ਤੇ ਆਪਣਾ ਵਿਸ਼ਵਾਸ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਮਹਿਲਾ ਅਕਾਲੀ ਦਲ ਦੀ





ਪੰਜਾਬ-ਮਹਿਲਾ ਅਕਾਲੀ ਦਲ 'ਚ ਵੱਡਾ ਫੇਰਬਦਲ: ਕੰਚਨਪ੍ਰੀਤ ਸੀਨੀਅਰ ਮੀਤ ਪ੍ਰਧਾਨ, ਰਚਨਾ

ਪੰਜਾਬ-ਮਹਿਲਾ ਅਕਾਲੀ ਦਲ 'ਚ ਵੱਡਾ ਫੇਰਬਦਲ: ਕੰਚਨਪ੍ਰੀਤ ਸੀਨੀਅਰ ਮੀਤ ਪ੍ਰਧਾਨ, ਰਚਨਾ ਓਬਰਾਏ ਜਨਰਲ ਸਕੱਤਰ ਬਣੀ (ਜਾਰੀ)

ਜਨਰਲ ਸਕੱਤਰ ਨਿਯੁਕਤ ਕੀਤਾ ਹੈ। ਬਾਰਾਂ ਮਹਿਲਾ ਆਗੂਆਂ ਨੂੰ ਸਕੱਤਰ ਦੀ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ। ਪਾਰਟੀ ਦੀਆਂ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਹਰ ਘਰ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਸੱਤ ਮਹਿਲਾ ਆਗੂਆਂ ਨੂੰ ਸੰਯੁਕਤ ਸਕੱਤਰ ਨਿਯੁਕਤ ਕੀਤਾ ਗਿਆ ਹੈ। ਡਾ. ਦਲਜੀਤ ਸਿੰਘ ਚੀਮਾ ਨੇ ਸਾਰੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਅਤੇ ਉਮੀਦ ਪ੍ਰਗਟ ਕੀਤੀ ਕਿ ਉਹ ਪੂਰੀ ਲਗਨ ਨਾਲ ਕੰਮ ਕਰਨਗੇ ਅਤੇ ਔਰਤਾਂ ਨੂੰ ਪਾਰਟੀ ਨਾਲ ਜੋੜਨ ਵਿੱਚ ਮੁੱਖ ਭੂਮਿਕਾ ਨਿਭਾਉਣਗੇ।

ਦੇਸ਼

ਕਾਜ਼ੀਰੰਗਾ ਵਿੱਚ ਬੱਸ ਅਤੇ ਟਰੱਕ ਦੀ ਟੱਕਰ 'ਚ 24 ਮੌਤਾਂ; 20 ਹੋਰ ਜ਼ਖ਼ਮੀ

ਅਸਾਮ ਦੇ ਕਾਜ਼ੀਰੰਗਾ ਨੈਸ਼ਨਲ ਪਾਰਕ ਨੇੜੇ ਸ਼ੁੱਕਰਵਾਰ ਨੂੰ ਇੱਕ ਮਿੰਨੀ ਬੱਸ ਅਤੇ ਕੰਟੇਨਰ ਟਰੱਕ ਦੀ ਆਹਮੋ-ਸਾਹਮਣੇ ਟੱਕਰ ਵਿੱਚ ਘੱਟੋ-ਘੱਟ 24 ਵਿਅਕਤੀਆਂ ਦੀ ਮੌਤ ਹੋ ਗਈ ਅਤੇ 20 ਹੋਰ ਜ਼ਖ਼ਮੀ ਹੋ ਗਏ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ।

ਇੱਕ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕਾਂ ਵਿੱਚ ਦੋ ਔਰਤਾਂ ਸ਼ਾਮਲ ਹਨ ਅਤੇ ਕਈ ਕਾਲਜ ਦੇ ਵਿਦਿਆਰਥੀ ਸਨ ਜੋ ਆਪਣੀਆਂ ਕਲਾਸਾਂ ਲਗਾ ਕੇ ਵਾਪਸ ਪਰਤ ਰਹੇ ਸਨ।

ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਇਹ ਹਾਦਸਾ ਕੌਮੀ ਸ਼ਾਹਰਾਹ-715 'ਤੇ ਕੋਹੋਰਾ ਰੇਂਜ ਵਿੱਚ ਹਾਥੀਕੁਲੀ ਟੀ ਅਸਟੇਟ ਨੇੜੇ ਰੰਗਾਜਾਨ ਵਿਖੇ ਉਦੋਂ ਵਾਪਰਿਆ, ਜਦੋਂ ਯਾਤਰੀ ਵਾਹਨ ਟਰੱਕ ਨਾਲ ਟਕਰਾ ਗਿਆ।

ਗੋਲਾਘਾਟ ਜ਼ਿਲ੍ਹੇ ਦੇ ਇੱਕ ਕਾਰਜਕਾਰੀ ਮੈਜਿਸਟਰੇਟ ਨੇ ਪੱਤਰਕਾਰਾਂ ਨੂੰ ਦੱਸਿਆ, "ਮੌਤਾਂ ਦੀ ਗਿਣਤੀ ਬਹੁਤ ਤੇਜ਼ੀ ਨਾਲ ਵਧ ਰਹੀ ਹੈ। ਤਾਜ਼ਾ ਜਾਣਕਾਰੀ ਅਨੁਸਾਰ ਡਾਕਟਰਾਂ ਨੇ ਹਾਦਸੇ ਵਿੱਚ 23 ਵਿਅਕਤੀਆਂ ਦੀ ਮੌਤ ਹੋਣ ਦੀ ਪੁਸ਼ਟੀ ਕੀਤੀ ਹੈ। ਹੁਣ ਮ੍ਰਿਤਕਾਂ ਦੀ ਪਛਾਣ ਕੀਤੀ ਜਾ ਰਹੀ ਹੈ।"

ਅਧਿਕਾਰੀ ਨੇ ਕਿਹਾ, "ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਉਣ ਲਈ ਪਹਿਲਾਂ ਹੀ ਨੌਂ ਐਂਬੂਲੈਂਸਾਂ ਕੰਮ ਕਰ ਰਹੀਆਂ ਹਨ। ਇੱਥੋਂ ਦੇ ਡਾਕਟਰਾਂ ਨੇ 20 ਵਿਅਕਤੀਆਂ ਨੂੰ ਅਗਲੇਰੇ ਇਲਾਜ ਲਈ ਜੋਰਹਾਟ ਰੈਫਰ ਕਰ ਦਿੱਤਾ ਹੈ।" ਪੁਲੀਸ ਨੇ ਦੱਸਿਆ ਕਿ ਮਿੰਨੀ ਬੱਸ ਗੋਲਾਘਾਟ ਤੋਂ ਨਗਾਓਂ ਜਾ ਰਹੀ ਸੀ, ਜਦੋਂ ਕਿ ਕੰਟੇਨਰ ਟਰੱਕ ਉੱਪਰੀ ਅਸਾਮ ਵੱਲ ਜਾ ਰਿਹਾ ਸੀ।

ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਨੇ ਕਿਹਾ ਕਿ ਉਹ ਦਿਨ ਵੇਲੇ ਕਾਜ਼ੀਰੰਗਾ ਵਿੱਚ ਵਾਪਰੇ ਇਸ ਦਰਦਨਾਕ ਹਾਦਸੇ ਤੋਂ ਬੇਹੱਦ ਦੁਖੀ ਹਨ।

ਉਨ੍ਹਾਂ ਅੱਗੇ ਕਿਹਾ, "ਇਸ ਨੁਕਸਾਨ ਦੇ ਪੈਮਾਨੇ ਨੇ ਸਾਨੂੰ ਸਾਰਿਆਂ ਨੂੰ ਝੰਜੋੜ ਕੇ ਰੱਖ ਦਿੱਤਾ ਹੈ ਅਤੇ ਮੇਰੀ ਹਮਦਰਦੀ ਹਰ ਉਸ ਪਰਿਵਾਰ ਨਾਲ ਹੈ ਜਿਸ ਨੇ ਆਪਣਾ ਕੋਈ ਪਿਆਰਾ ਗੁਆਇਆ ਹੈ। ਕੋਈ ਵੀ ਸ਼ਬਦ ਉਨ੍ਹਾਂ ਦਾ ਦਰਦ ਘੱਟ ਨਹੀਂ ਕਰ ਸਕਦਾ, ਪਰ ਮੈਂ ਚਾਹੁੰਦਾ ਹਾਂ ਕਿ ਉਹ ਇਹ ਜਾਣਨ ਕਿ ਉਹ ਇਕੱਲੇ ਨਹੀਂ ਹਨ। ਦੁੱਖ ਦੀ ਇਸ ਘੜੀ ਵਿੱਚ ਪੂਰਾ ਅਸਾਮ ਉਨ੍ਹਾਂ ਦੇ ਨਾਲ ਖੜ੍ਹਾ ਹੈ।"

ਸਰਮਾ ਨੇ ਕਿਹਾ ਕਿ ਹੁਣ ਸਭ ਤੋਂ ਪਹਿਲੀ ਤਰਜੀਹ ਇਹ ਯਕੀਨੀ ਬਣਾਉਣਾ ਹੈ ਕਿ ਜ਼ਖ਼ਮੀਆਂ ਨੂੰ ਬਿਨਾਂ ਕਿਸੇ ਦੇਰੀ ਦੇ ਸਭ ਤੋਂ ਵਧੀਆ ਸੰਭਵ ਡਾਕਟਰੀ ਸਹਾਇਤਾ ਮਿਲੇ। ਉਨ੍ਹਾਂ ਕਿਹਾ, "ਮਾਣਯੋਗ ਮੰਤਰੀ ਅਤੁਲ ਬੋਰਾ (@) ਘਟਨਾ ਸਥਾਨ 'ਤੇ ਮੌਜੂਦ ਹਨ ਅਤੇ ਨਿੱਜੀ ਤੌਰ 'ਤੇ ਰਾਹਤ ਪ੍ਰਬੰਧਾਂ ਦੀ ਨਿਗਰਾਨੀ ਕਰ ਰਹੇ ਹਨ। ਮੈਂ ਜ਼ਖ਼ਮੀਆਂ ਦੇ ਜਲਦੀ ਸਿਹਤਯਾਬ ਹੋਣ ਅਤੇ ਦੁਖੀ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ ਦੀ ਪ੍ਰਾਰਥਨਾ ਕਰਦਾ ਹਾਂ।"

ਗੋਲਾਘਾਟ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਨੇ ਅੱਗੇ ਦੱਸਿਆ ਕਿ ਬੈਠਣ ਦੀ ਸਮਰੱਥਾ ਤੋਂ ਵੱਧ ਸਵਾਰੀਆਂ ਬਿਠਾਉਣਾ ਅਤੇ ਕਾਜ਼ੀਰੰਗਾ ਨੈਸ਼ਨਲ ਪਾਰਕ ਨੇੜੇ ਨਿਰਧਾਰਤ ਰਫ਼ਤਾਰ ਸੀਮਾ ਤੋਂ ਤੇਜ਼ ਵਾਹਨ ਚਲਾਉਣਾ—ਇਸ ਦਾ ਪਤਾ ਲਗਾਉਣ ਲਈ ਡੂੰਘਾਈ ਨਾਲ ਜਾਂਚ ਕਰਵਾਈ ਜਾਵੇਗੀ।

ਵਧੀਕ ਜ਼ਿਲ੍ਹਾ ਕਮਿਸ਼ਨਰ ਜਿੰਟੂ ਬੋਰਾਹ ਨੇ ਦੱਸਿਆ ਕਿ ਮ੍ਰਿਤਕਾਂ ਦਾ ਪੋਸਟਮਾਰਟਮ ਰਾਤ ਸਮੇਂ ਵਿਸ਼ੇਸ਼ ਲਾਈਟਾਂ ਦਾ ਪ੍ਰਬੰਧ ਕਰਕੇ ਗੋਲਾਘਾਟ ਦੇ ਸ਼ਹੀਦ ਕੁਸ਼ਲ ਕੋਂਵਰ ਸਿਵਲ ਹਸਪਤਾਲ ਵਿੱਚ ਕਰਵਾਇਆ ਜਾਵੇਗਾ।

ਪੰਜਾਬ

ਲੁਧਿਆਣਾ 'ਚ ਸਿਵਲ ਹਸਪਤਾਲ ਨੇੜੇ ਕੁੱਤਿਆਂ ਨੂੰ ਜ਼ਹਿਰੀਲੀ ਚੀਜ਼ ਖਵਾਉਣ ਦਾ ਖ਼ਦਸ਼ਾ, ਮੂੰਹ 'ਚੋਂ ਨਿਕਲ ਰਹੀ ਝੱਗ

ਲੁਧਿਆਣਾ ਦੇ ਸਿਵਲ ਹਸਪਤਾਲ ਦੇ ਨਜ਼ਦੀਕ ਸਥਿਤ ਦਾਈ ਅਹਾਤਾ ਵਾਲੀ ਗਲੀ ਵਿੱਚ 8 ਤੋਂ 10 ਆਵਾਰਾ ਕੁੱਤਿਆਂ ਦੀ ਹਾਲਤ ਸ਼ੱਕੀ ਹਾਲਾਤ ਵਿੱਚ ਕੋਈ ਜ਼ਹਿਰੀਲਾ ਪਦਾਰਥ ਨਿਗਲਣ ਕਾਰਨ ਬੇਹੱਦ ਗੰਭੀਰ ਹੋ ਗਈ ਹੈ। ਇਲਾਕਾ ਨਿਵਾਸੀਆਂ ਨੂੰ ਖ਼ਦਸ਼ਾ ਹੈ ਕਿ ਦੀਵਾਲੀ ਅਤੇ ਵਿਸ਼ਵਕਰਮਾ ਦਿਵਸ ਦੀ ਰਾਤ ਨੂੰ ਕਿਸੇ ਅਣਪਛਾਤੇ ਸ਼ਰਾਰਤੀ ਅਨਸਰ ਵੱਲੋਂ ਇਨ੍ਹਾਂ ਬੇਜ਼ੁਬਾਨ ਜਾਨਵਰਾਂ ਨੂੰ ਕੋਈ ਜ਼ਹਿਰੀਲੀ ਵਸਤੂ ਖਵਾ ਦਿੱਤੀ ਗਈ ਹੈ। ਸਥਾਨਕ ਲੋਕਾਂ ਮੁਤਾਬਕ ਪਿਛਲੇ ਦੋ ਦਿਨਾਂ ਤੋਂ ਇਨ੍ਹਾਂ ਕੁੱਤਿਆਂ ਦੀ ਸਿਹਤ ਲਗਾਤਾਰ ਵਿਗੜਦੀ ਜਾ ਰਹੀ ਹੈ।

ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਕਈ ਕੁੱਤਿਆਂ ਦੇ ਮੂੰਹ ਵਿੱਚੋਂ ਲਗਾਤਾਰ ਝੱਗ ਨਿਕਲ ਰਹੀ ਹੈ, ਜਦਕਿ ਕੁਝ ਕੁੱਤਿਆਂ ਦੀਆਂ ਅੱਖਾਂ ਦੀ ਰੌਸ਼ਨੀ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ।

ਲੁਧਿਆਣਾ 'ਚ ਸਿਵਲ ਹਸਪਤਾਲ ਨੇੜੇ ਕੁੱਤਿਆਂ ਨੂੰ ਜ਼ਹਿਰੀਲੀ ਚੀਜ਼ ਖਵਾਉਣ ਦਾ ਖ਼ਦਸ਼ਾ, ਮੂੰਹ 'ਚੋਂ ਨਿਕਲ ਰਹੀ ਝੱਗ (ਜਾਰੀ)

ਸਭ ਤੋਂ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਪ੍ਰਭਾਵਿਤ ਹੋਏ ਇਨ੍ਹਾਂ ਜਾਨਵਰਾਂ ਵਿੱਚ 20 ਤੋਂ 25 ਦਿਨਾਂ ਦੇ ਛੋਟੇ ਕਤੂਰੇ (ਪਿੱਲੇ) ਵੀ ਸ਼ਾਮਲ ਹਨ। ਜ਼ਹਿਰ ਦੇ ਅਸਰ ਕਾਰਨ ਇਹ ਕੁੱਤੇ ਗਲੀਆਂ ਵਿੱਚ ਬੇਸੁੱਧ ਹਾਲਤ ਵਿੱਚ ਘੁੰਮ ਰਹੇ ਹਨ। ਇਲਾਕਾ ਨਿਵਾਸੀਆਂ ਦਾ ਦੋਸ਼ ਹੈ ਕਿ ਸੂਚਨਾ ਦਿੱਤੇ ਜਾਣ ਦੇ ਬਾਵਜੂਦ ਅਜੇ ਤੱਕ ਕੋਈ ਵੀ ਪ੍ਰਸ਼ਾਸਨਿਕ ਅਧਿਕਾਰੀ ਜਾਂ ਸਰਕਾਰੀ ਵੈਟਰਨਰੀ ਡਾਕਟਰ ਮੌਕੇ 'ਤੇ ਨਹੀਂ ਪਹੁੰਚਿਆ।

ਪ੍ਰਸ਼ਾਸਨਿਕ ਬੇਰੁਖ਼ੀ ਦਰਮਿਆਨ ਮੋਗਾ ਦੀ ਇੱਕ ਸਮਾਜ ਸੇਵੀ ਸੰਸਥਾ ਨੇ ਇਨਸਾਨੀਅਤ ਦਿਖਾਉਂਦਿਆਂ ਬੀਤੀ ਰਾਤ ਆਪਣੇ ਪੱਧਰ 'ਤੇ ਵੈਟਰਨਰੀ ਡਾਕਟਰ ਨੂੰ ਮੌਕੇ 'ਤੇ ਬੁਲਾ ਕੇ ਇਨ੍ਹਾਂ ਕੁੱਤਿਆਂ ਦਾ ਇਲਾਜ ਸ਼ੁਰੂ ਕਰਵਾਇਆ। ਡਾਕਟਰ ਵੱਲੋਂ ਪ੍ਰਭਾਵਿਤ ਕੁੱਤਿਆਂ ਨੂੰ ਗਲੂਕੋਜ਼ ਦੀਆਂ ਡ੍ਰਿੱਪਾਂ ਲਗਾਈਆਂ ਗਈਆਂ ਅਤੇ ਹੋਰ ਜ਼ਰੂਰੀ ਦਵਾਈਆਂ ਦਿੱਤੀਆਂ ਗਈਆਂ, ਪਰ ਇਸ ਦੇ ਬਾਵਜੂਦ ਉਨ੍ਹਾਂ ਦੀ ਹਾਲਤ ਅਜੇ ਵੀ ਨਾਜ਼ੁਕ ਬਣੀ ਹੋਈ ਹੈ।

ਇਲਾਕਾ ਨਿਵਾਸੀ ਗੌਰਵ ਭਾਟੀਆ ਨੇ ਦੱਸਿਆ ਕਿ ਬੀਤੀ ਸ਼ਾਮ ਕਈ ਕੁੱਤੇ ਅਚਾਨਕ ਬੇਸੁੱਧ ਹਾਲਤ ਵਿੱਚ ਇੱਧਰ-ਉੱਧਰ ਭਟਕਦੇ ਦਿਖਾਈ ਦਿੱਤੇ। ਜ਼ਹਿਰ ਦੇ ਅਸਰ ਕਾਰਨ ਉਨ੍ਹਾਂ ਨੂੰ ਦਿਖਾਈ ਦੇਣਾ ਬੰਦ ਹੋ ਗਿਆ ਸੀ ਅਤੇ ਕਈ ਕੁੱਤੇ ਕੰਧਾਂ ਨਾਲ ਟਕਰਾ ਰਹੇ ਸਨ। ਉਨ੍ਹਾਂ ਦੇ ਸਾਹ ਕਾਫ਼ੀ ਤੇਜ਼ ਚੱਲ ਰਹੇ ਸਨ ਅਤੇ ਮੂੰਹ ਵਿੱਚੋਂ ਝੱਗ ਨਿਕਲ ਰਹੀ ਸੀ। ਗੌਰਵ ਭਾਟੀਆ ਨੇ ਖ਼ਦਸ਼ਾ ਪ੍ਰਗਟਾਇਆ ਕਿ ਇਨ੍ਹਾਂ ਕੁੱਤਿਆਂ ਨੂੰ ਹੌਲੀ-ਹੌਲੀ ਅਸਰ ਕਰਨ ਵਾਲਾ ਜ਼ਹਿਰ (ਸਲੋਅ ਪੋਇਜ਼ਨ) ਦਿੱਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਥਾਨਕ ਨਿਵਾਸੀ ਮਨਮੀਤ ਸਿੰਘ ਨੇ ਦੱਸਿਆ ਕਿ ਦੀਵਾਲੀ ਦੀ ਰਾਤ ਤੱਕ ਇਨ੍ਹਾਂ ਕੁੱਤਿਆਂ ਦੀ ਹਾਲਤ ਬਿਲਕੁਲ ਠੀਕ ਸੀ, ਪਰ ਉਸ ਤੋਂ ਬਾਅਦ ਇਨ੍ਹਾਂ ਦੀ ਸਿਹਤ ਹੌਲੀ-ਹੌਲੀ ਵਿਗੜਨੀ ਸ਼ੁਰੂ ਹੋ ਗਈ। ਸ਼ੁਰੂਆਤ ਵਿੱਚ ਲੋਕਾਂ ਨੂੰ ਲੱਗਿਆ ਕਿ ਸ਼ਾਇਦ ਇਨ੍ਹਾਂ ਨੂੰ ਕੋਈ ਬਿਮਾਰੀ ਹੋ ਗਈ ਹੈ, ਪਰ ਜਦੋਂ ਸਾਰੇ ਕੁੱਤਿਆਂ ਵਿੱਚ ਇੱਕੋ ਜਿਹੇ ਲੱਛਣ ਦਿਖਾਈ ਦਿੱਤੇ ਤਾਂ ਜ਼ਹਿਰੀਲਾ ਪਦਾਰਥ ਖਵਾਏ ਜਾਣ ਦਾ ਸ਼ੱਕ ਪੱਕਾ ਹੋ ਗਿਆ।

ਦੂਜੇ ਪਾਸੇ, ਇਲਾਕਾ ਨਿਵਾਸੀ ਹਰਪ੍ਰੀਤ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਨੂੰ ਬਾਰੀਕੀ ਨਾਲ ਖੰਗਾਲਿਆ ਜਾਵੇ ਤਾਂ ਜੋ ਇਸ ਘਿਨਾਉਣੀ ਹਰਕਤ ਨੂੰ ਅੰਜਾਮ ਦੇਣ ਵਾਲੇ ਮੁਲਜ਼ਮ ਦੀ ਪਛਾਣ ਕਰਕੇ ਉਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ।

ਜਦੋਂ ਇਸ ਮਾਮਲੇ ਸਬੰਧੀ ਨਗਰ ਨਿਗਮ ਦੀ ਸਿਹਤ ਸ਼ਾਖਾ ਦੇ ਡਾਕਟਰ ਵਿਪੁਲ ਮਲਹੋਤਰਾ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਫਿਲਹਾਲ ਉਨ੍ਹਾਂ ਕੋਲ ਇਸ ਸਬੰਧੀ ਕੋਈ ਲਿਖਤੀ ਜਾਂ ਰਸਮੀ ਸ਼ਿਕਾਇਤ ਨਹੀਂ ਪਹੁੰਚੀ ਹੈ। ਹਾਲਾਂਕਿ ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਕਿਸੇ ਵਿਅਕਤੀ ਵੱਲੋਂ ਬੇਜ਼ੁਬਾਨ ਜਾਨਵਰਾਂ ਨਾਲ ਅਜਿਹਾ ਕਾਰਾ ਕੀਤਾ ਗਿਆ ਹੈ ਤਾਂ ਇਹ ਬੇਹੱਦ ਨਿੰਦਣਯੋਗ ਤੇ ਗ਼ਲਤ ਹੈ। ਉਨ੍ਹਾਂ ਕਿਹਾ ਕਿ ਇਸ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਣੀ ਚਾਹੀਦੀ ਹੈ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

ਇਸ ਦੇ ਨਾਲ ਹੀ ਐਸਪੀਸੀਏ ਦੀ ਮੈਂਬਰ ਪੂਜਾ ਜੈਨ ਨੇ ਇਸ ਘਟਨਾ 'ਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਕਿਸੇ ਨੇ ਕੁੱਤਿਆਂ ਨੂੰ ਕੋਈ ਜ਼ਹਿਰੀਲਾ ਪਦਾਰਥ ਦਿੱਤਾ ਹੈ ਤਾਂ ਇਹ ਬਹੁਤ ਹੀ ਅਫ਼ਸੋਸਨਾਕ ਗੱਲ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਤੁਰੰਤ ਜ਼ਮੀਨੀ ਪੱਧਰ 'ਤੇ ਆਪਣੇ ਕਰਮਚਾਰੀਆਂ ਦੀ ਟੀਮ ਭੇਜ ਕੇ ਇਸ ਪੂਰੇ ਮਾਮਲੇ ਦੀ ਜਾਂਚ ਕਰਵਾਉਣਗੇ।

ਪੰਜਾਬ

ਅੰਮ੍ਰਿਤਸਰ 'ਚ ਗੋਲੀ ਲੱਗਣ ਕਾਰਨ ਮੌਤ, ਪਿਸਤੌਲ ਸਾਫ਼ ਕਰਦੇ ਸਮੇਂ ਵਾਪਰਿਆ ਹਾਦਸਾ

ਅੰਮ੍ਰਿਤਸਰ ਵਿੱਚ ਇੱਕ ਸਹਾਇਕ ਸਬ-ਇੰਸਪੈਕਟਰ (ਏਐਸਆਈ) ਦੀ ਪਿਸਤੌਲ ਸਾਫ਼ ਕਰਦੇ ਸਮੇਂ ਗੋਲੀ ਲੱਗਣ ਕਾਰਨ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਏਐਸਆਈ ਜੋਗਿੰਦਰ ਸਿੰਘ ਵਜੋਂ ਹੋਈ ਹੈ, ਜੋ ਅੰਮ੍ਰਿਤਸਰ ਦੇ ਤਰਨਤਾਰਨ ਰੋਡ ਦਾ ਰਹਿਣ ਵਾਲਾ ਸੀ। ਇਹ ਘਟਨਾ ਸ਼ੁੱਕਰਵਾਰ ਦੁਪਹਿਰ 1 ਵਜੇ ਵਾਪਰੀ। ਮੁੱਢਲੀ ਜਾਣਕਾਰੀ ਅਨੁਸਾਰ, ਜੋਗਿੰਦਰ ਸਿੰਘ ਡਿਊਟੀ 'ਤੇ ਜਾਣ ਦੀ ਤਿਆਰੀ ਕਰ ਰਿਹਾ ਸੀ। ਉਸ ਨੇ ਆਪਣੀ ਪਿਸਤੌਲ ਸਾਫ਼ ਕਰਨੀ ਸ਼ੁਰੂ ਕਰ ਦਿੱਤੀ। ਦੱਸਿਆ ਜਾ ਰਿਹਾ ਹੈ ਕਿ ਪਿਸਤੌਲ ਸਾਫ਼ ਕਰਦੇ ਸਮੇਂ ਅਚਾਨਕ ਇੱਕ ਗੋਲੀ ਚੱਲ ਗਈ, ਜੋ ਉਸ ਦੇ ਸਿਰ ਦੇ ਨੇੜੇ ਜਾ ਲੱਗੀ। ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪਰਿਵਾਰਕ ਮੈਂਬਰਾਂ ਦਾ ਰੋ-ਰੋ ਕੇ ਬੁਰਾ ਹਾਲ

ਜਿਵੇਂ ਹੀ ਇਸ ਘਟਨਾ ਦੀ ਖ਼ਬਰ ਫੈਲੀ, ਇਲਾਕੇ ਵਿੱਚ ਸੋਗ ਦਾ ਮਾਹੌਲ ਛਾ ਗਿਆ। ਪਰਿਵਾਰਕ ਮੈਂਬਰਾਂ ਦਾ ਰੋ-ਰੋ ਕੇ ਬੁਰਾ ਹਾਲ ਹੈ। ਫਿਲਹਾਲ ਘਟਨਾ ਦੇ ਕਾਰਨਾਂ ਅਤੇ ਹਾਲਾਤਾਂ ਬਾਰੇ ਹੋਰ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਸ਼ੁਰੂਆਤੀ ਤੌਰ 'ਤੇ, ਇਸ ਨੂੰ ਪਿਸਤੌਲ ਸਾਫ਼ ਕਰਦੇ ਸਮੇਂ ਵਾਪਰਿਆ ਹਾਦਸਾ ਮੰਨਿਆ ਜਾ ਰਿਹਾ ਹੈ। ਪੰਜਾਬ ਪੁਲਿਸ ਨੇ ਸ਼ੁਰੂ ਕੀਤੀ ਮਾਮਲੇ ਦੀ ਜਾਂਚ

ਅੰਮ੍ਰਿਤਸਰ ਵਿੱਚ ਜੋਗਿੰਦਰ ਸਿੰਘ ਦੀ ਗੋਲੀ ਲੱਗਣ ਕਾਰਨ ਹੋਈ ਮੌਤ ਦੇ ਮਾਮਲੇ ਵਿੱਚ ਪੁਲਿਸ ਵੱਲੋਂ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਜਾਂਚ ਦਾ ਮੁੱਖ ਮਕਸਦ ਮੌਤ ਦੇ ਅਸਲ ਕਾਰਨਾਂ ਅਤੇ ਘਟਨਾ ਪਿੱਛੇ ਕਿਸੇ ਸਾਜ਼ਿਸ਼ ਜਾਂ ਨਿੱਜੀ ਰੰਜਿਸ਼ ਦਾ ਪਤਾ ਲਗਾਉਣਾ ਹੈ।

ਖੇਡਾਂ

ਕੈਬ ਕਾਰੋਬਾਰ 'ਤੇ ਸਰਕਾਰ ਦਾ ਨਵਾਂ ਪਲਾਨ, ਹੁਣ 5 ਸ਼ਹਿਰਾਂ ਵਿੱਚ ਬ੍ਰਾਂਚ ਜਰੂਰੀ ਨਹੀਂ ਅਤੇ 5 ਕਾਰ ਨਾਲ ਹੀ ਹੋ ਸਕੇਗੀ ਸ਼ੁਰੂਆਤ

ਕਾਰ ਰੈਂਟਲ ਬਿਜਨੈਸ ਸ਼ੁਰੂ ਕਰਨ ਦੀ ਤਿਆਰੀ ਕਰ ਰਹੇ ਲੋਕਾਂ ਲਈ ਵੱਡੀ ਖ਼ਬਰ ਹੈ। ਕੇਂਦਰ ਸਰਕਾਰ ਇਸ ਕਾਰੋਬਾਰ ਵਿੱਚ ਐਂਟਰੀ ਨਿਯਮਾਂ ਨੂੰ ਸਰਲ ਬਣਾਉਣ ਦੀ ਤਿਆਰੀ ਕਰ ਰਹੀ ਹੈ। ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਨੇ ਸੈਲਫ-ਡਰਾਈਵ ਅਤੇ ਡਰਾਈਵਰ-ਦੇ ਨਾਲ ਕਾਰ ਰੈਂਟਲ ਸਰਵਿਸ ਸ਼ੁਰੂ ਕਰਨ ਲਈ ਲੋੜੀਂਦੇ ਵਾਹਨਾਂ ਦੀ ਘੱਟੋ-ਘੱਟ ਗਿਣਤੀ 50 ਤੋਂ ਘਟਾ ਕੇ 5 ਕਰਨ ਦਾ ਪ੍ਰਸਤਾਵ ਰੱਖਿਆ ਹੈ। ਇਹ ਬਦਲਾਅ ਛੋਟੇ ਕਾਰੋਬਾਰਾਂ ਅਤੇ ਨਵੇਂ ਉੱਦਮੀਆਂ ਲਈ ਕਾਰ ਰੈਂਟਲ ਬਿਜਨੈਸ ਵਿੱਚ ਉਤਰਨ ਨੂੰ ਆਸਾਨ

ਕੈਬ ਕਾਰੋਬਾਰ 'ਤੇ ਸਰਕਾਰ ਦਾ ਨਵਾਂ ਪਲਾਨ, ਹੁਣ 5 ਸ਼ਹਿਰਾਂ ਵਿੱਚ ਬ੍ਰਾਂਚ ਜਰੂਰੀ ਨਹੀਂ ਅਤੇ 5 ਕਾਰ ਨਾਲ ਹੀ ਹੋ ਸਕੇਗੀ ਸ਼ੁਰੂਆਤ (ਜਾਰੀ)

ਬਣਾ ਸਕਦਾ ਹੈ।

ਮੰਤਰਾਲੇ ਨੇ "ਦਿ ਰੈਂਟ-ਏ-ਕੈਬ ਸਕੀਮ, 2026" ਦਾ ਖਰੜਾ ਜਾਰੀ ਕੀਤਾ ਹੈ। ਪ੍ਰਸਤਾਵਿਤ ਨਿਯਮਾਂ ਦੇ ਅਨੁਸਾਰ, ਇੱਕ ਬਿਨੈਕਾਰ ਕੋਲ ਕੁੱਲ ਘੱਟੋ-ਘੱਟ 5 ਮੋਟਰ ਕੈਬ ਹੋਣੀਆਂ ਚਾਹੀਦੀਆਂ ਹਨ। ਇਸ ਤੋਂ ਇਲਾਵਾ, ਕਾਰੋਬਾਰੀ ਸੰਚਾਲਨ ਅਤੇ ਰੱਖ-ਰਖਾਅ ਦੇ ਹਰੇਕ ਸਥਾਨ 'ਤੇ ਘੱਟੋ-ਘੱਟ 2 ਮੋਟਰ ਕੈਬ ਹੋਣਾ ਜਰੂਰੀ ਹੋਵੇਗਾ।

ਪ੍ਰਸਤਾਵਿਤ ਰੈਂਟ-ਏ-ਕੈਬ ਸਕੀਮ 2026 ਪੁਰਾਣੇ 1989 ਦੇ ਨਿਯਮਾਂ ਨੂੰ ਬਦਲਣ ਲਈ ਪਹਿਲਾ ਵਿਆਪਕ ਨਵਾਂ ਢਾਂਚਾ ਹੋਵੇਗਾ। ਮੰਤਰਾਲੇ ਦੇ ਅਨੁਸਾਰ, ਇਹ ਸਕੀਮ ਅਗਲੇ ਸਾਲ ਜਨਵਰੀ ਤੋਂ ਲਾਗੂ ਕਰਨ ਦਾ ਪ੍ਰਸਤਾਵ ਹੈ। ਮੌਜੂਦਾ ਪ੍ਰਣਾਲੀ ਦੇ ਤਹਿਤ, ਕਾਰ ਰੈਂਟਲ ਕਾਰੋਬਾਰ ਸ਼ੁਰੂ ਕਰਨ ਲਈ ਘੱਟੋ-ਘੱਟ 50 ਵਾਹਨਾਂ ਦੀ ਲੋੜ ਹੁੰਦੀ ਹੈ। ਸਰਕਾਰ ਦੇ ਨਵੇਂ ਪ੍ਰਸਤਾਵ ਵਿੱਚ ਇਸ ਸੀਮਾ ਨੂੰ 5 ਵਾਹਨਾਂ ਤੱਕ ਘਟਾਉਣ ਦੀ ਮੰਗ ਕੀਤੀ ਗਈ ਹੈ। ਇਸ ਨਾਲ ਘੱਟ ਪੂੰਜੀ ਵਾਲੇ ਛੋਟੇ ਕਾਰੋਬਾਰੀ ਇਸ ਖੇਤਰ ਵਿੱਚ ਦਾਖਲ ਹੋ ਸਕਣਗੇ ਅਤੇ ਬਾਜ਼ਾਰ ਵਿੱਚ ਨਵੇਂ ਖਿਡਾਰੀਆਂ ਦੀ ਗਿਣਤੀ ਵਧ ਸਕਦੀ ਹੈ।

ਡਰਾਫਟ ਸਕੀਮ ਕਿਰਾਏ ਦੇ ਵਾਹਨਾਂ ਲਈ ਬੀਮਾ ਨਾਲ ਜੁੜੀਆਂ ਸ਼ਰਤਾਂ ਵੀ ਨਿਰਧਾਰਤ ਕੀਤੀਆਂ ਗਈਆਂ ਹਨ। ਇਸ ਦੇ ਤਹਿਤ, ਹਰੇਕ ਵਾਹਨ ਲਈ ਇੱਕ ਵਿਆਪਕ ਬੀਮਾ ਪਾਲਿਸੀ ਹੋਣੀ ਚਾਹੀਦੀ ਹੈ। ਇਸ ਬੀਮੇ ਵਿੱਚ ਵਾਹਨ ਕਿਰਾਏ 'ਤੇ ਲੈਣ ਵਾਲੇ ਵਿਅਕਤੀ, ਡਰਾਈਵਰ ਅਤੇ ਮੋਟਰ ਕੈਬ ਵਿੱਚ ਯਾਤਰਾ ਕਰਨ ਵਾਲੇ ਹੋਰ ਯਾਤਰੀਆਂ ਨੂੰ ਵਾਹਨ ਦੀ ਨਿਰਧਾਰਤ ਯਾਤਰੀ ਸਮਰੱਥਾ ਦੇ ਅਨੁਸਾਰ ਕਵਰ ਕਰਨਾ ਚਾਹੀਦਾ ਹੈ।

ਪ੍ਰਸਤਾਵਿਤ ਨਿਯਮਾਂ ਦੇ ਅਨੁਸਾਰ, ਰੈਂਟਲ ਸਰਵਿਸਸ ਲਈ ਵਰਤੇ ਜਾਣ ਵਾਲੇ ਵਾਹਨਾਂ ਦੇ ਮੋਟਰ ਵਾਹਨ ਐਕਟ ਦੇ ਤਹਿਤ ਕਿਸੇ ਵੀ ਅਪਰਾਧ ਜਾਂ ਉਲੰਘਣਾ ਨਾਲ ਸਬੰਧਤ ਕੋਈ ਲੰਬਿਤ ਚਲਾਨ ਨਹੀਂ ਹੋਣੇ ਚਾਹੀਦੇ। ਇਸ ਤੋਂ ਇਲਾਵਾ, ਵਾਹਨ ਨੂੰ ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਪੁਲਿਸ ਅਪਰਾਧਿਕ ਡੇਟਾਬੇਸ ਵਿੱਚ ਸੂਚੀਬੱਧ ਨਹੀਂ ਕੀਤਾ ਜਾਣਾ ਚਾਹੀਦਾ। ਇਸਦਾ ਮਤਲਬ ਹੈ ਕਿ ਕਿਰਾਏ ਦੇ ਵਾਹਨਾਂ ਦੀ ਕਾਨੂੰਨੀ ਸਥਿਤੀ ਅਤੇ ਰਿਕਾਰਡ 'ਤੇ ਸ਼ਰਤਾਂ ਰੱਖੀਆਂ ਗਈਆਂ ਹਨ।

ਇਸ ਸਰਕਾਰੀ ਪ੍ਰਸਤਾਵ ਦਾ ਉਨ੍ਹਾਂ ਲੋਕਾਂ 'ਤੇ ਸਭ ਤੋਂ ਵੱਧ ਪ੍ਰਭਾਵ ਪੈ ਸਕਦਾ ਹੈ ਜੋ ਸੀਮਤ ਗਿਣਤੀ ਵਿੱਚ ਵਾਹਨਾਂ ਨਾਲ ਕੈਬ ਰੈਂਟਲ ਕਾਰੋਬਾਰ ਸ਼ੁਰੂ ਕਰਨਾ ਚਾਹੁੰਦੇ ਹਨ। 50-ਵਾਹਨਾਂ ਦੀ ਜ਼ਰੂਰਤ ਨੂੰ 5 ਤੱਕ ਘਟਾਉਣ ਨਾਲ ਐਂਟਰੀ ਲਈ ਸ਼ੁਰੂਆਤੀ ਰੁਕਾਵਟ ਘੱਟ ਸਕਦੀ ਹੈ।

ਵਿਸ਼ਵ

ਪਾਕਿਸਤਾਨ ਦੇ ਬਲੋਚਿਸਤਾਨ ਵਿੱਚ ਫੌਜ ਦੇ ਕੈਂਪ 'ਤੇ ਆਤਮਘਾਤੀ ਹਮਲਾ, 18 ਸੈਨਿਕ ਮਾਰੇ ਗਏ

ਪਾਕਿਸਤਾਨ ਦੇ ਬਲੋਚਿਸਤਾਨ ਦੇ ਮਸਤੁੰਗ ਜ਼ਿਲ੍ਹੇ ਵਿੱਚ ਇੱਕ ਫੌਜੀ ਕੈਂਪ 'ਤੇ ਆਤਮਘਾਤੀ ਹਮਲੇ ਵਿੱਚ ਘੱਟੋ-ਘੱਟ 18 ਪਾਕਿਸਤਾਨੀ ਫੌਜੀ ਮਾਰੇ ਗਏ। ਬਲੋਚ ਲਿਬਰੇਸ਼ਨ ਆਰਮੀ ਨੇ ਇੱਕ ਵੀਡੀਓ ਸੰਦੇਸ਼ ਵਿੱਚ ਕਿਹਾ ਕਿ ਉਸਦੇ ਮਜੀਦ ਬ੍ਰਿਗੇਡ ਨੇ ਕੰਦਵਾ ਇਲਾਕੇ ਵਿੱਚ ਗੱਡੀ ਨਾਲ ਚੱਲਣ ਵਾਲੇ ਇਮਪ੍ਰੋਵਾਈਜ਼ਡ ਵਿਸਫੋਟਕ ਡਿਵਾਈਸ ਦੀ ਵਰਤੋਂ ਕਰਕੇ ਹਮਲਾ ਕੀਤਾ, ਜਿਸ ਨਾਲ ਫੌਜੀ ਕੈਂਪ ਅਤੇ ਇੱਕ ਨੇੜਲੇ ਸੁਰੱਖਿਆ ਚੌਕੀ ਨੂੰ ਤਬਾਹ ਕਰ ਦਿੱਤਾ ਗਿਆ। ਗਰੁੱਪ ਨੇ ਇਹ ਵੀ ਦਾਅਵਾ ਕੀਤਾ ਕਿ ਧਮਾਕੇ ਵਿੱਚ ਕਈ ਹੋਰ ਸੈਨਿਕ ਜ਼ਖਮੀ ਹੋਏ ਹਨ। ਇਹ ਹਮਲਾ ਵੀਰਵਾਰ ਨੂੰ ਹੋਇਆ ਹੈ।

ਇਸਨੇ ਅੱਗੇ ਦਾਅਵਾ ਕੀਤਾ ਕਿ ਇੱਕ ਨੇੜਲੀ ਸੁਰੱਖਿਆ ਚੌਕੀ ਨੂੰ ਇੱਕ ਤਾਲਮੇਲ ਵਾਲੀ ਕਾਰਵਾਈ ਵਿੱਚ ਨਿਸ਼ਾਨਾ ਬਣਾਇਆ ਗਿਆ।

ਸੰਗਠਨ ਨੇ ਆਤਮਘਾਤੀ ਹਮਲਾਵਰ ਦੀ ਪਛਾਣ ਉਸਾਮਾ ਸ਼ਾਹਵਾਨੀ ਉਰਫ਼ ਵਦੂਦ ਵਜੋਂ ਕੀਤੀ ਹੈ, ਜੋ ਕਿ ਖੜਕੋਚਾ, ਮਸਤੁੰਗ ਦਾ ਰਹਿਣ ਵਾਲਾ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਸ਼ਾਹਵਾਨੀ 2022 ਵਿੱਚ ਗਰੁੱਪ ਵਿੱਚ ਸ਼ਾਮਲ ਹੋਇਆ ਸੀ ਅਤੇ 2024 ਵਿੱਚ ਮਜੀਦ ਬ੍ਰਿਗੇਡ ਦਾ ਮੈਂਬਰ ਬਣ ਗਿਆ।

ਉਸਨੇ ਇਹ ਵੀ ਕਿਹਾ ਕਿ ਉਸਨੇ ਨੁਸ਼ਕੀ ਵਿੱਚ ਉਸਦੇ ਕਥਿਤ ਆਪਰੇਸ਼ਨ ਹਾਰੋਫ ਦੌਰਾਨ ਨੁਸ਼ਕੀ ਵਿੱਚ ਤਿੰਨ ਦਿਨਾਂ ਲੜਾਈ ਲੜੀ।

ਸਮੂਹ ਨੇ ਇਸ ਬਿਆਨ ਦੀ ਵਰਤੋਂ ਬਲੋਚਿਸਤਾਨ ਵਿੱਚ ਖਣਿਜ ਖੋਜ ਅਤੇ ਨਿਵੇਸ਼ ਪ੍ਰੋਜੈਕਟਾਂ ਦੇ ਵਿਰੋਧ ਨੂੰ ਦੁਹਰਾਉਣ ਅਤੇ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਵਿਦੇਸ਼ੀ ਕੰਪਨੀਆਂ ਅਤੇ ਨਿਵੇਸ਼ਕਾਂ ਨੂੰ ਧਮਕੀ ਦੇਣ ਲਈ ਵੀ ਕੀਤੀ।

ਇਸ ਨੇ ਵਿਸ਼ੇਸ਼ ਤੌਰ 'ਤੇ ਪਾਕਿਸਤਾਨ ਮਿਨਰਲਜ਼ ਇਨਵੈਸਟਮੈਂਟ ਫੋਰਮ 2026 ਨੂੰ ਨਿਸ਼ਾਨਾ ਬਣਾਇਆ, ਇਹ ਆਰੋਪ ਲਗਾਉਂਦੇ ਹੋਏ ਕਿ ਸੂਬੇ ਵਿੱਚ ਖਣਿਜ ਪ੍ਰੋਜੈਕਟਾਂ ਦਾ ਉਦੇਸ਼ ਇਸਦੇ ਕੁਦਰਤੀ ਸਰੋਤਾਂ ਦਾ ਸ਼ੋਸ਼ਣ ਕਰਨਾ ਸੀ। ਸੰਗਠਨ ਨੇ ਚੇਤਾਵਨੀ ਦਿੱਤੀ ਕਿ ਇਨ੍ਹਾਂ ਪ੍ਰੋਜੈਕਟਾਂ ਵਿੱਚ ਹਿੱਸਾ ਲੈਣ ਵਾਲੀਆਂ ਕੰਪਨੀਆਂ ਅਤੇ ਨਿਵੇਸ਼ਕਾਂ 'ਤੇ ਹਮਲਾ ਕੀਤਾ ਜਾ ਸਕਦਾ ਹੈ। ਬੀਐਲਏ ਨੇ ਕਿਹਾ ਕਿ ਉਸਦੀ ਹਥਿਆਰਬੰਦ ਮੁਹਿੰਮ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਪਾਕਿਸਤਾਨੀ ਸੁਰੱਖਿਆ ਬਲ ਬਲੋਚਿਸਤਾਨ ਤੋਂ ਪਿੱਛੇ ਹਟ ਨਹੀਂ ਜਾਂਦੇ ਅਤੇ ਇਲਾਕੇ ਨੂੰ ਆਜ਼ਾਦ ਨਹੀਂ ਕਰ ਲਿਆ ਜਾਂਦਾ।

ਵਿਸ਼ਵ

ਨਿਊਜ਼ੀਲੈਂਡ 'ਚ ਸੜਕ ਹਾਦਸੇ ਨੇ ਲਈ ਤਿੰਨ ਪੰਜਾਬੀਆਂ ਦੀ ਜਾਨ

ਔਕਲੈਂਡ, 12 ਨਵੰਬਰ 2026:- ਇਥੋਂ ਦੇ ਟਾਕਾਨੀਨੀ ਨਗਰ ਵਿਖੇ ਦਿਵਾਲੀ ਦੀ ਰਾਤ ਹੋਏ ਇੱਕ ਭਿਆਨਕ ਕਾਰ ਹਾਦਸੇ ਵਿੱਚ ਦੋ ਮੁੰਡਿਆਂ ਅਤੇ ਇੱਕ ਕੁੜੀ ਸਮੇਤ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ ਸੀ। ਇਹ ਤਿੰਨੇ ਨੌਜਵਾਨ ਪੰਜਾਬੀ ਪਰਿਵਾਰਾਂ ਨਾਲ ਸਬੰਧਤ ਸਨ।

ਦਿਲ-ਕੰਬਾਊ ਇਸ ਸੜਕ ਹਾਦਸੇ ਵਿੱਚ ਇੱਕ ਨਵ-ਵਿਆਹੇ ਪੰਜਾਬੀ ਜੋੜੇ ਅਤੇ ਉਨ੍ਹਾਂ ਦੇ ਜੀਜੇ ਸਮੇਤ ਤਿੰਨ ਜੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ 33 ਸਾਲਾ ਸੁਖਦੀਪ ਸਿੰਘ ਪੰਜਾਬ ਦੇ ਬਠਿੰਡਾ ਜ਼ਿਲ੍ਹੇ ਦੇ ਪਿੰਡ ਗੋਨਿਆਣਾ ਖੁਰਦ ਦਾ ਰਹਿਣ ਵਾਲਾ ਸੀ। ਉਹ ਪਿਛਲੇ ਸੱਤ ਸਾਲਾਂ ਤੋਂ ਵੱਧ ਸਮੇਂ ਤੋਂ ਨਿਊਜ਼ੀਲੈਂਡ ਵਿੱਚ ਰਹਿ ਰਿਹਾ ਸੀ ਅਤੇ ਇੱਥੇ ਐੱਨ.ਜ਼ੈੱਡ. ਪੋਸਟ ਦਾ ਕੋਰੀਅਰ ਕਾਰੋਬਾਰ ਚਲਾਉਂਦਾ ਸੀ। ਉਸ ਦੀ 29 ਸਾਲਾ ਪਤਨੀ ਸੁਖਵੀਰ ਕੌਰ ਮੋਗਾ ਜ਼ਿਲ੍ਹੇ ਦੇ ਪਿੰਡ ਰਾਊਕੇ



ਨਿਊਜ਼ੀਲੈਂਡ 'ਚ ਸੜਕ ਹਾਦਸੇ ਨੇ ਲਈ ਤਿੰਨ ਪੰਜਾਬੀਆਂ ਦੀ ਜਾਨ

ਨਿਊਜ਼ੀਲੈਂਡ 'ਚ ਸੜਕ ਹਾਦਸੇ ਨੇ ਲਈ ਤਿੰਨ ਪੰਜਾਬੀਆਂ ਦੀ ਜਾਨ (ਜਾਰੀ)

ਕਲਾਂ ਦੀ ਰਹਿਣ ਵਾਲੀ ਸੀ। ਤੀਜਾ ਮ੍ਰਿਤਕ ਗੁਰਪ੍ਰੀਤ ਸਿੰਘ (38) ਜੋੜੇ ਦਾ ਜੀਜਾ ਅਤੇ ਨਜ਼ਦੀਕੀ ਰਿਸ਼ਤੇਦਾਰ ਸੀ, ਜੋ ਕਿ ਬਠਿੰਡਾ ਜ਼ਿਲ੍ਹੇ ਦੇ ਪਿੰਡ ਹਰਰਾਏਪੁਰ ਦਾ ਵਸਨੀਕ ਸੀ। ਉਹ ਕਰੀਬ ਤਿੰਨ ਸਾਲ ਪਹਿਲਾਂ ਨਿਊਜ਼ੀਲੈਂਡ ਆਇਆ ਸੀ ਅਤੇ ਇੱਥੇ ਐੱਨ.ਜ਼ੈੱਡ. ਪੋਸਟ ਦੀ ਕੋਰੀਅਰ ਵੈਨ ਚਲਾਉਂਦਾ ਸੀ। ਪਰਿਵਾਰ ਦੇ ਤਿੰਨ ਜੀਆਂ ਦੇ ਅਚਾਨਕ ਵਿਛੋੜੇ ਨੇ ਰਿਸ਼ਤੇਦਾਰਾਂ, ਦੋਸਤਾਂ ਅਤੇ ਪੰਜਾਬੀ ਭਾਈਚਾਰੇ ਨੂੰ ਝੰਜੋੜ ਕੇ ਰੱਖ ਦਿੱਤਾ ਹੈ।

ਮ੍ਰਿਤਕਾਂ ਦੀਆਂ ਦੇਹਾਂ ਨੂੰ ਅੰਤਿਮ ਸਸਕਾਰ ਲਈ ਵਾਪਸ ਭਾਰਤ ਭੇਜਿਆ ਜਾਵੇਗਾ, ਜਿਸ ਲਈ ਭਾਈਚਾਰੇ ਵੱਲੋਂ ਮਾਲੀ ਮਦਦ ਇਕੱਠੀ ਕੀਤੀ ਜਾ ਰਹੀ ਹੈ। 8 ਨਵੰਬਰ ਨੂੰ ਰਾਤ ਕਰੀਬ 10.15 ਵਜੇ ਟਾਕਾਨੀਨੀ ਦੀ ਗ੍ਰੇਟ ਸਾਊਥ ਰੋਡ 'ਤੇ ਉਸ ਵੇਲੇ ਵਾਪਰਿਆ, ਜਦੋਂ ਗੁਰਦੁਆਰਾ ਸਾਹਿਬ ਤੋਂ ਮੱਥਾ ਟੇਕ ਕੇ ਵਾਪਸ ਪਰਤਦਿਆਂ ਉਨ੍ਹਾਂ ਦੀ ਕਾਰ ਬੇਕਾਬੂ ਹੋ ਕੇ ਸੜਕ ਤੋਂ ਉੱਤਰ ਗਈ ਅਤੇ ਸਿੱਧੀ 'ਬਰਗਰਫਿਊਲ' ਰੈਸਟੋਰੈਂਟ ਵਿੱਚ ਜਾ ਵੱਜੀ। ਨਿਊਜ਼ੀਲੈਂਡ ਪੁਲਿਸ ਅਨੁਸਾਰ ਕਾਰ ਵਿੱਚ ਸਵਾਰ ਤਿੰਨਾਂ ਜੀਆਂ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ।

ਇਸ ਔਖੀ ਘੜੀ ਵਿੱਚ ਦੋਸਤਾਂ ਅਤੇ ਭਾਈਚਾਰੇ ਦੇ ਮੈਂਬਰਾਂ ਵੱਲੋਂ 'ਗਿਵ-ਏ-ਲਿਟਲ' ਪੇਜ ਰਾਹੀਂ ਫੰਡ ਇਕੱਠਾ ਕਰਨ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਤਾਂ ਜੋ ਮ੍ਰਿਤਕ ਦੇਹਾਂ ਨੂੰ ਭਾਰਤ ਭੇਜਣ ਦੇ ਖਰਚੇ ਪੂਰੇ ਕੀਤੇ ਜਾ ਸਕਣ ਅਤੇ ਪੀੜਤ ਪਰਿਵਾਰਾਂ ਦੀ ਕੁਝ ਮਾਲੀ ਸਹਾਇਤਾ ਹੋ ਸਕੇ।

ਪੰਜਾਬ

ਚੰਡੀਗੜ੍ਹ ਪੁਲਿਸ ਹੈੱਡਕੁਆਰਟਰ ਨੇੜੇ ਔਰਤ ਦਾ ਕਤਲ, ਸਿਰ ਪੱਥਰ ਨਾਲ ਕੁਚਲਿਆ; ਹੱਥ 'ਤੇ ਲਿਖਿਆ 'ਸ਼ਿਖਾ ਯੂਪੀ'

ਪੁਲਿਸ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਘਟਨਾ ਵੀਰਵਾਰ ਰਾਤ 12 ਵਜੇ ਤੋਂ ਬਾਅਦ ਵਾਪਰੀ। ਘਟਨਾ ਸਥਾਨ ਤੋਂ ਕੁਝ ਕਦਮਾਂ ਦੀ ਦੂਰੀ 'ਤੇ ਇੱਕ ਪੁਲਿਸ ਬੀਟ ਬਾਕਸ ਸਥਿਤ ਹੈ। ਇਸ ਤੋਂ ਇਲਾਵਾ 100 ਮੀਟਰ ਦੇ ਘੇਰੇ ਵਿੱਚ ਚੰਡੀਗੜ੍ਹ ਪੁਲਿਸ ਹੈੱਡਕੁਆਰਟਰ, ਪੰਜਾਬ ਪੁਲਿਸ ਹੈੱਡਕੁਆਰਟਰ ਅਤੇ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਦਾ ਦਫ਼ਤਰ ਵੀ ਹੈ। ਇਹ ਸਾਰੇ ਸਥਾਨ ਪੁਲਿਸ ਸੁਰੱਖਿਆ ਹੇਠ ਹਨ।

ਚੰਡੀਗੜ੍ਹ ਦੇ ਸੈਕਟਰ 9 ਵਿੱਚ ਪੁਲਿਸ ਹੈੱਡਕੁਆਰਟਰ ਨੇੜੇ ਇੱਕ ਔਰਤ ਦਾ ਕਤਲ ਕਰ ਦਿੱਤਾ ਗਿਆ। ਉਸ ਦੀ ਲਾਸ਼ ਪੁਲਿਸ ਹੈੱਡਕੁਆਰਟਰ ਤੋਂ ਸਿਰਫ਼ 100 ਕਦਮ ਦੀ ਦੂਰੀ 'ਤੇ ਮਿਲੀ। ਹਮਲਾਵਰ ਨੇ ਪੱਥਰਾਂ ਨਾਲ ਉਸ ਦਾ ਸਿਰ ਕੁਚਲ ਦਿੱਤਾ। ਸ਼ੁੱਕਰਵਾਰ ਸਵੇਰੇ ਇੱਕ ਰਾਹਗੀਰ ਨੇ ਲਾਸ਼ ਦੇਖੀ ਅਤੇ ਪੁਲਿਸ ਨੂੰ ਸੂਚਿਤ ਕੀਤਾ। ਪੁਲਿਸ ਅਤੇ ਫੋਰੈਂਸਿਕ ਟੀਮਾਂ ਥੋੜ੍ਹੀ ਦੇਰ ਬਾਅਦ ਮੌਕੇ 'ਤੇ ਪਹੁੰਚੀਆਂ, ਘਟਨਾ ਸਥਾਨ ਦਾ ਮੁਆਇਨਾ ਕੀਤਾ। ਔਰਤ ਦੇ ਹੱਥ 'ਤੇ ਇੱਕ ਟੈਟੂ 'ਤੇ "ਸ਼ਿਖਾ ਯੂਪੀ" ਲਿਖਿਆ ਹੈ। ਇਸ ਸੁਰਾਗ ਦੇ ਆਧਾਰ 'ਤੇ ਉਸ ਦੀ ਪਛਾਣ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ।

ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਔਰਤ ਦੇ ਸਿਰ 'ਤੇ ਪੱਥਰ ਨਾਲ ਕਈ ਵਾਰ ਕੀਤੇ ਗਏ। ਉਸ ਦਾ ਸਿਰ ਬੁਰੀ ਤਰ੍ਹਾਂ ਕੁਚਲਿਆ ਹੋਇਆ ਪਾਇਆ ਗਿਆ ਸੀ। ਹਾਲਾਂਕਿ, ਕਤਲ ਦਾ ਸਹੀ ਸਮਾਂ ਅਤੇ ਹਾਲਾਤ ਹੋਰ ਜਾਂਚ ਤੋਂ ਬਾਅਦ ਹੀ ਸਪੱਸ਼ਟ ਹੋਣਗੇ।

ਪੁਲਿਸ ਕਤਲ ਦੇ ਪਿੱਛੇ ਦੇ ਮਕਸਦ ਅਤੇ ਮੁਲਜ਼ਮਾਂ ਦੀ ਜਾਂਚ ਕਰ ਰਹੀ ਹੈ। ਉਹ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਵੀ ਜਾਂਚ ਕਰਨ ਦੀ ਸੰਭਾਵਨਾ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਔਰਤ ਕਦੋਂ ਪਹੁੰਚੀ ਅਤੇ ਘਟਨਾ ਸਮੇਂ ਕੌਣ ਮੌਜੂਦ ਸੀ।

ਔਰਤ ਦੀ ਪਛਾਣ ਕਰਨ ਲਈ, ਚੰਡੀਗੜ੍ਹ ਦੇ ਸਾਰੇ ਥਾਣਿਆਂ ਵਿੱਚ ਦਰਜ ਗੁੰਮਸ਼ੁਦਾ ਵਿਅਕਤੀਆਂ ਦੀਆਂ ਸ਼ਿਕਾਇਤਾਂ ਦੇ ਰਿਕਾਰਡ ਦੀ ਸਮੀਖਿਆ ਕੀਤੀ ਜਾ ਰਹੀ ਹੈ। ਪੁਲਿਸ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਕੀ ਕਿਸੇ ਪੁਲਿਸ ਸਟੇਸ਼ਨ ਨੇ ਉਸ ਬਾਰੇ ਗੁੰਮਸ਼ੁਦਾ ਵਿਅਕਤੀ ਦੀ ਰਿਪੋਰਟ ਦਰਜ ਕੀਤੀ ਹੈ। ਇਸ ਤੋਂ ਇਲਾਵਾ, ਅਪਰਾਧ ਵਾਲੀ ਥਾਂ ਤੋਂ ਡੰਪ ਡੇਟਾ ਵੀ ਇਕੱਠਾ ਕੀਤਾ ਗਿਆ ਹੈ।

ਪੰਜਾਬ

14 ਦਿਨ ਹਸਪਤਾਲ 'ਚ ਰਹੇ ਟਿੰਨੂ ਆਨੰਦ, ਹੁਣ ਖੁਦ ਦੱਸਿਆ ਕਿਵੇਂ ਹੈ ਉਨ੍ਹਾਂ ਦਾ ਹਾਲ?

ਮੁੰਬਈ: ਮਸ਼ਹੂਰ ਅਦਾਕਾਰ ਅਤੇ ਫਿਲਮ ਨਿਰਮਾਤਾ ਟਿੰਨੂ ਆਨੰਦ, ਜੋ ਡਿੱਗਣ ਕਾਰਨ 5 ਪਸਲੀਆਂ ਟੁੱਟਣ ਅਤੇ ਫੇਫੜੇ ਵਿੱਚ ਸੱਟ ਲੱਗਣ ਕਾਰਨ ਜ਼ਖਮੀ ਹੋ ਗਏ ਸਨ, ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਹਸਪਤਾਲ ਤੋਂ ਛੁੱਟੀ ਮਿਲ ਗਈ ਹੈ ਅਤੇ ਹੁਣ ਉਹ ਘਰ ਵਿੱਚ ਸਿਹਤਯਾਬ ਹੋ ਰਹੇ ਹਨ।

ਆਨੰਦ ਨੂੰ ਵੀਰਵਾਰ ਨੂੰ ਮੁੰਬਈ ਦੇ ਉਪਨਗਰ ਸਥਿਤ ਕੋਕਿਲਾਬੇਨ ਧੀਰੂਭਾਈ ਅੰਬਾਨੀ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਹਾਦਸੇ ਤੋਂ ਬਾਅਦ ਉਨ੍ਹਾਂ ਨੂੰ ਹਸਪਤਾਲ ਦੇ ਇੰਟੈਂਸਿਵ ਕੇਅਰ ਯੂਨਿਟ ਵਿੱਚ ਦਾਖ਼ਲ ਕਰਵਾਇਆ ਗਿਆ ਸੀ।

ਅਮਿਤਾਭ ਬੱਚਨ ਦੀਆਂ ਫਿਲਮਾਂ 'ਕਾਲੀਆ', 'ਸ਼ਹਿਨਸ਼ਾਹ', 'ਮੈਂ ਆਜ਼ਾਦ ਹਾਂ' ਅਤੇ 'ਮੇਜਰ ਸਾਬ੍ਹ' ਦੇ ਨਿਰਦੇਸ਼ਨ ਲਈ ਮਸ਼ਹੂਰ ਆਨੰਦ ਨੇ ਦੱਸਿਆ, "ਮੈਂ 14 ਦਿਨਾਂ ਬਾਅਦ ਘਰ ਵਾਪਸ ਆ ਗਿਆ ਹਾਂ ਅਤੇ ਹੁਣ ਕਾਫ਼ੀ ਬਿਹਤਰ ਮਹਿਸੂਸ ਕਰ ਰਿਹਾ ਹਾਂ। ਮੈਨੂੰ ਉਦੋਂ ਤੱਕ ਬੈੱਡ ਰੈਸਟ ਕਰਨਾ ਪਵੇਗਾ, ਜਦੋਂ ਤੱਕ ਡਾਕਟਰ ਇਹ ਨਹੀਂ ਕਹਿ ਦਿੰਦੇ ਕਿ ਹੁਣ ਤੁਸੀਂ ਬਾਹਰ ਜਾ ਸਕਦੇ ਹੋ।"

ਉਨ੍ਹਾਂ ਕਿਹਾ, "ਮੈਂ ਰਾਤ ਨੂੰ ਤੁਰ ਰਿਹਾ ਸੀ ਅਤੇ ਲਾਈਟਾਂ ਬੰਦ ਸਨ।

14 ਦਿਨ ਹਸਪਤਾਲ 'ਚ ਰਹੇ ਟਿੰਨੂ ਆਨੰਦ, ਹੁਣ ਖੁਦ ਦੱਸਿਆ ਕਿਵੇਂ ਹੈ ਉਨ੍ਹਾਂ ਦਾ ਹਾਲ? (ਜਾਰੀ)

ਇਸੇ ਦੌਰਾਨ ਅਚਾਨਕ ਮੈਂ ਡਿੱਗ ਗਿਆ ਅਤੇ ਉਸ ਤੋਂ ਬਾਅਦ ਸੌਂ ਗਿਆ। ਅਗਲੀ ਸਵੇਰ ਮੈਨੂੰ ਪਤਾ ਲੱਗਿਆ ਕਿ ਮੇਰੀ ਹੱਡੀ ਟੁੱਟ ਗਈ ਹੈ, ਜਿਸ ਤੋਂ ਬਾਅਦ ਮੇਰੀ ਬੇਟੀ ਮੈਨੂੰ ਹਸਪਤਾਲ ਲੈ ਗਈ।"

ਉਨ੍ਹਾਂ ਅੱਗੇ ਦੱਸਿਆ ਕਿ ਸੀਟੀ ਸਕੈਨ ਤੋਂ ਬਾਅਦ ਪਤਾ ਲੱਗਿਆ ਕਿ ਉਨ੍ਹਾਂ ਦੀਆਂ 5 ਪਸਲੀਆਂ ਵਿੱਚ ਫ੍ਰੈਕਚਰ ਹੋਇਆ ਹੈ।

ਉਨ੍ਹਾਂ ਕਿਹਾ, "ਮੈਨੂੰ ਯਾਦ ਨਹੀਂ ਕਿ ਮੈਂ ਉਹ ਸਮਾਂ ਕਿਵੇਂ ਬਿਤਾਇਆ, ਪਰ ਹੁਣ ਮੈਂ ਠੀਕ ਹਾਂ।"

'ਅਗਨੀਪਥ', 'ਖਿਲਾੜੀ', 'ਦਾਮਿਨੀ', 'ਕੋਹਰਾ', 'ਕ੍ਰਾਂਤੀਵੀਰ', 'ਤ੍ਰਿਮੂਰਤੀ', 'ਚਾਈਨਾ ਗੇਟ', 'ਸਾਥੀਆ', 'ਬਲਫਮਾਸਟਰ', 'ਸਾਹੋ' ਅਤੇ 'ਮੇਰੀ ਕ੍ਰਿਸਮਸ' ਵਰਗੀਆਂ ਫਿਲਮਾਂ ਵਿੱਚ ਅਦਾਕਾਰੀ ਲਈ ਜਾਣੇ ਜਾਂਦੇ ਆਨੰਦ ਨੂੰ ਡਾਕਟਰਾਂ ਨੇ ਬੈੱਡ ਰੈਸਟ ਕਰਨ ਦੀ ਸਲਾਹ ਦਿੱਤੀ ਹੈ। ਉਹ ਘਰ ਵਿੱਚ ਹੀ ਫਿਜ਼ੀਓਥੈਰੇਪੀ ਕਰਵਾ ਰਹੇ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਅਗਲੇ ਮਹੀਨੇ ਉਹ ਦੱਖਣੀ ਭਾਰਤੀ ਭਾਸ਼ਾਵਾਂ ਦੀਆਂ ਆਪਣੀਆਂ ਦੋ ਫਿਲਮਾਂ 'ਤੇ ਕੰਮ ਸ਼ੁਰੂ ਕਰ ਸਕਣਗੇ।

ਪੰਜਾਬ

ਕੇਂਦਰੀ ਜੇਲ੍ਹ 'ਚ ਕੈਦੀਆਂ ਦੀ ਕੌਂਸਲਿੰਗ ਕਰਨ ਵਾਲਾ ਕੌਂਸਲਰ ਨਸ਼ੀਲੇ ਪਦਾਰਥ ਸਮੇਤ ਕਾਬੂ

ਹੁਸ਼ਿਆਰਪੁਰ, 13 ਨਵੰਬਰ (ਬਲਜਿੰਦਰਪਾਲ ਸਿੰਘ)- ਕੇਂਦਰੀ ਜੇਲ੍ਹ ਹੁਸ਼ਿਆਰਪੁਰ 'ਚ ਬੀਤੀ ਰਾਤ ਕੈਦੀਆਂ ਦੀ ਕੌਂਸਲਿੰਗ ਕਰਨ ਜਾਣ ਵਾਲੀ ਡਾਕਟਰਾਂ ਦੀ ਟੀਮ 'ਚ ਸ਼ਾਮਿਲ ਇਕ ਕੌਂਸਲਰ ਨੂੰ ਸੀ.ਆਈ.ਏ. ਸਟਾਫ਼ ਅਤੇ ਥਾਣਾ ਸਿਟੀ ਪੁਲਿਸ ਨੇ ਸਾਂਝੇ ਆਪ੍ਰੇਸ਼ਨ ਦੌਰਾਨ ਨਸ਼ੀਲੇ ਪਦਾਰਥ ਸਮੇਤ ਕਾਬੂ ਕੀਤਾ। ਪ੍ਰਾਪਤ ਜਾਣਕਾਰੀ ਅਨੁਸਾਰ ਕੈਦੀਆਂ ਦੀ ਸਿਹਤ ਨੂੰ ਧਿਆਨ 'ਚ ਰੱਖਦਿਆਂ ਜੇਲ੍ਹ ਪ੍ਰਸ਼ਾਸਨ ਵਲੋਂ ਦਿਨ ਅਤੇ ਰਾਤ ਦੀ ਡਿਊਟੀ ਲਈ ਦੋ ਡਾਕਟਰ ਨਿਯੁਕਤ ਕੀਤੇ ਗਏ ਹਨ।

ਰਾਤ ਦੀ ਡਿਊਟੀ ਸਮੇਂ ਕੈਦੀਆਂ ਦੀ ਕੌਂਸਲਿੰਗ ਲਈ ਜਾਣ ਵਾਲੇ ਡਾਕਟਰ ਦੇ ਨਾਲ ਇਕ ਕੌਂਸਲਰ ਦੀ ਜਦੋਂ ਕੇਂਦਰੀ ਜੇਲ੍ਹ 'ਚ ਦਾਖ਼ਲ ਹੋਣ ਸਬੰਧੀ ਜੇਲ੍ਹ ਦੀ ਜਾਂਚ ਟੀਮ ਨੇ ਤਲਾਸ਼ੀ ਲਈ ਤਾਂ ਉਸ ਦੀ ਜੇਬ 'ਚੋਂ ਨਸ਼ੀਲਾ ਪਦਾਰਥ ਬਰਾਮਦ ਹੋਇਆ। ਜ਼ਿਕਰਯੋਗ ਹੈ ਕਿ ਸੀ.ਆਈ.ਏ. ਸਟਾਫ਼ ਅਤੇ ਥਾਣਾ ਸਿਟੀ ਪੁਲਿਸ ਨੂੰ ਪਹਿਲਾਂ ਤੋਂ ਹੀ ਇਸ ਸਬੰਧੀ ਖ਼ੁਫ਼ੀਆ ਜਾਣਕਾਰੀ ਮਿਲੀ ਸੀ ਕਿ ਕੌਂਸਲਰ ਜੇਲ੍ਹ ਅੰਦਰ ਨਸ਼ਾ ਸਪਲਾਈ ਕਰਦਾ ਹੈ।

ਦੇਸ਼

ਕੁਲਗਾਮ ਹਮਲੇ 'ਚ ਲਸ਼ਕਰ ਅਤਿਵਾਦੀ ਲਤੀਫ਼ ਭੱਟ ਦੀ ਸ਼ਮੂਲੀਅਤ; 200 ਸ਼ੱਕੀਆਂ ਤੋਂ ਪੁੱਛਗਿੱਛ

ਬੀਤੇ ਦਿਨੀਂ ਕੁਲਗਾਮ ਵਿੱਚ ਹੋਏ ਅਤਿਵਾਦੀ ਹਮਲੇ, ਜਿਸ ਵਿੱਚ ਸੀਆਰਪੀਐਫ ਦੇ ਤਿੰਨ ਜਵਾਨ ਜ਼ਖ਼ਮੀ ਹੋ ਗਏ ਸਨ, ਦੀ ਜਾਂਚ ਵਿੱਚ ਲਸ਼ਕਰ-ਏ-ਤੋਇਬਾ ਦੇ ਅਤਿਵਾਦੀ ਮੁਹੰਮਦ ਲਤੀਫ਼ ਭੱਟ ਦੀ ਸ਼ਮੂਲੀਅਤ ਵੱਲ ਇਸ਼ਾਰਾ ਕੀਤਾ ਗਿਆ ਹੈ। ਇਹ ਖਾਸ ਜਾਣਕਾਰੀ 'ਟ੍ਰਿਬਿਊਨ ਸਮੂਹ' ਨੂੰ ਮਿਲੀ ਹੈ। ਸੂਤਰਾਂ ਨੇ ਦੱਸਿਆ ਕਿ ਹੁਣ ਤੱਕ ਦੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਭੱਟ ਨੇ ਬੁੱਧਵਾਰ ਨੂੰ ਕੁਲਗਾਮ ਦੇ ਅਖਰਾਨ ਵਿਖੇ ਇਹ ਹਮਲਾ ਕੀਤਾ ਸੀ।

ਇਸ ਹਮਲੇ ਤੋਂ ਬਾਅਦ ਉਸ ਦਾ ਪਤਾ ਲਗਾਉਣ ਲਈ ਵੱਡੇ ਪੱਧਰ 'ਤੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਹਮਲੇ ਕਾਰਨ ਇੱਕ ਜਵਾਨ ਦੀ ਹਾਲਤ ਗੰਭੀਰ ਹੈ। ਸੂਤਰਾਂ ਨੇ ਦੱਸਿਆ ਕਿ ਜ਼ਖ਼ਮੀ ਜਵਾਨਾਂ ਨੂੰ ਭੱਟ ਦੀ ਤਸਵੀਰ ਦਿਖਾਈ ਗਈ, ਜਿਨ੍ਹਾਂ ਨੇ ਉਸ ਦੀ ਪਛਾਣ ਹਮਲੇ ਵਿੱਚ ਸ਼ਾਮਲ ਅਤਿਵਾਦੀ ਵਜੋਂ ਕੀਤੀ।

ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਸੀਆਰਪੀਐਫ ਦੇ ਜਵਾਨਾਂ ਨੇ ਜਵਾਬੀ ਕਾਰਵਾਈ ਕੀਤੀ, ਜਿਸ ਨਾਲ ਹੋਰ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ ਅਤੇ ਭੱਟ ਨੂੰ ਮੌਕੇ ਤੋਂ ਭੱਜਣ ਲਈ ਮਜਬੂਰ ਹੋਣਾ ਪਿਆ। ਸੂਤਰਾਂ ਨੇ ਦੱਸਿਆ ਕਿ ਮੰਨਿਆ ਜਾ ਰਿਹਾ ਹੈ ਕਿ ਭੱਟ ਦੇ ਨਾਲ ਇੱਕ ਹੋਰ ਅਤਿਵਾਦੀ ਵੀ ਸੀ ਅਤੇ ਅਗਲੇਰੀ ਜਾਂਚ ਜਾਰੀ ਹੈ।

ਭੱਟ ਕਥਿਤ ਤੌਰ 'ਤੇ ਦੱਖਣੀ ਕਸ਼ਮੀਰ ਵਿੱਚ ਪਹਿਲਾਂ ਹੋਏ ਹਮਲਿਆਂ ਵਿੱਚ ਵੀ ਸ਼ਾਮਲ ਰਿਹਾ ਹੈ, ਜਿਸ ਵਿੱਚ ਜੁਲਾਈ ਮਹੀਨੇ ਅਖਰਾਨ ਪਿੰਡ ਦੇ ਨੇੜੇ ਕੇਲਮ ਇਲਾਕੇ ਵਿੱਚ ਦੋ ਪਰਵਾਸੀ ਮਜ਼ਦੂਰਾਂ 'ਤੇ ਹੋਇਆ ਹਮਲਾ ਵੀ ਸ਼ਾਮਲ ਹੈ। ਭੱਟ ਨੂੰ ਘਾਟੀ ਵਿੱਚ ਬਚਿਆ ਹੋਇਆ ਇਕਲੌਤਾ ਅਤਿਵਾਦੀ ਮੰਨਿਆ ਜਾ ਰਿਹਾ ਹੈ। ਜੰਮੂ-ਕਸ਼ਮੀਰ ਪੁਲੀਸ ਨੇ ਹਾਲ ਹੀ ਵਿੱਚ ਕਿਹਾ ਸੀ ਕਿ ਉਹ ਦੱਖਣੀ ਕਸ਼ਮੀਰ ਦੇ ਕੁਝ ਹਿੱਸਿਆਂ ਵਿੱਚ ਸਰਗਰਮ ਸੀ ਅਤੇ ਉਸ ਨੇ ਕਥਿਤ ਤੌਰ 'ਤੇ ਅਨੰਤਨਾਗ ਅਤੇ ਕੁਲਗਾਮ ਜ਼ਿਲ੍ਹਿਆਂ ਵਿੱਚ ਹਮਲਿਆਂ ਦੀ ਸਾਜ਼ਿਸ਼ ਰਚੀ ਸੀ। ਪੁਲੀਸ ਨੇ ਇਹ ਵੀ ਕਿਹਾ ਹੈ ਕਿ ਭੱਟ ਨੂੰ ਕੁਝ ਵਿਦੇਸ਼ੀ ਅਤਿਵਾਦੀਆਂ ਦਾ ਸਮਰਥਨ ਮਿਲ ਰਿਹਾ ਸੀ।

ਸਿਆਸਤ

ਪੰਜਾਬ 'ਚ 28 ਨਵੰਬਰ ਨੂੰ 52 ਵਾਰਡਾਂ 'ਚ ਹੋਣਗੀਆਂ ਚੋਣਾਂ

ਜਲੰਧਰ: ਪੰਜਾਬ ਰਾਜ ਚੋਣ ਕਮਿਸ਼ਨ ਨੇ ਪਟਿਆਲਾ ਨਗਰ ਨਿਗਮ ਦੇ 30 ਵਾਰਡਾਂ, ਨਗਰ ਕੌਂਸਲ ਬਾਘਾਪੁਰਾਣਾ ਦੇ 15 ਵਾਰਡਾਂ ਅਤੇ ਨਗਰ ਕੌਂਸਲ ਧਰਮਕੋਟ ਦੇ 7 ਵਾਰਡਾਂ ਵਿੱਚ ਮੈਂਬਰਾਂ ਦੀ ਚੋਣ ਲਈ ਮੁੜ ਚੋਣਾਂ ਕਰਵਾਉਣ ਦਾ ਪ੍ਰੋਗਰਾਮ ਐਲਾਨ ਦਿੱਤਾ ਹੈ।

ਇਨ੍ਹਾਂ ਤਿੰਨਾਂ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੇ ਕੁੱਲ 52 ਵਾਰਡਾਂ ਵਿੱਚ 28 ਨਵੰਬਰ ਨੂੰ ਵੋਟਿੰਗ ਕਰਵਾਈ ਜਾਵੇਗੀ। ਇਹ ਚੋਣਾਂ ਈ.ਵੀ.ਐੱਮ. ਰਾਹੀਂ ਕਰਵਾਈਆਂ ਜਾਣਗੀਆਂ।

ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਪ੍ਰਕਿਰਿਆ 13 ਨਵੰਬਰ ਤੋਂ ਸ਼ੁਰੂ ਹੋਵੇਗੀ। ਉਮੀਦਵਾਰ 13 ਨਵੰਬਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕਰ ਸਕਣਗੇ।

ਇਸ ਤੋਂ ਬਾਅਦ 14 ਨਵੰਬਰ ਨੂੰ ਬੈਂਕ ਛੁੱਟੀ, 15 ਨਵੰਬਰ ਨੂੰ ਐਤਵਾਰ ਅਤੇ 16 ਨਵੰਬਰ ਨੂੰ ਗਜ਼ਟਿਡ ਛੁੱਟੀ ਹੋਣ ਕਾਰਨ ਨਾਮਜ਼ਦਗੀ ਪੱਤਰ ਸਵੀਕਾਰ ਨਹੀਂ ਕੀਤੇ ਜਾਣਗੇ।

17, 18 ਅਤੇ 19 ਨਵੰਬਰ ਨੂੰ ਵੀ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਜਾ ਸਕਣਗੇ।

ਨਾਮਜ਼ਦਗੀ ਪੱਤਰਾਂ ਦੀ ਜਾਂਚ 20 ਨਵੰਬਰ ਨੂੰ ਸਵੇਰੇ 11 ਵਜੇ ਤੋਂ



ਪੰਜਾਬ 'ਚ 28 ਨਵੰਬਰ ਨੂੰ 52 ਵਾਰਡਾਂ 'ਚ ਹੋਣਗੀਆਂ ਚੋਣਾਂ

ਪੰਜਾਬ 'ਚ 28 ਨਵੰਬਰ ਨੂੰ 52 ਵਾਰਡਾਂ 'ਚ ਹੋਣਗੀਆਂ ਚੋਣਾਂ (ਜਾਰੀ)

ਦੁਪਹਿਰ 3 ਵਜੇ ਤੱਕ ਹੋਵੇਗੀ, ਜਦਕਿ ਉਮੀਦਵਾਰ 21 ਨਵੰਬਰ ਨੂੰ ਦੁਪਹਿਰ 3 ਵਜੇ ਤੱਕ ਆਪਣੇ ਨਾਮਜ਼ਦਗੀ ਪੱਤਰ ਵਾਪਸ ਲੈ ਸਕਣਗੇ।

ਚੋਣ ਕਮਿਸ਼ਨ ਅਨੁਸਾਰ 28 ਨਵੰਬਰ, ਸ਼ਨੀਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਵੋਟਿੰਗ ਕਰਵਾਈ ਜਾਵੇਗੀ। ਵੋਟਾਂ ਦੀ ਗਿਣਤੀ ਸਬੰਧੀ ਹਦਾਇਤਾਂ ਬਾਅਦ ਵਿੱਚ ਜਾਰੀ ਕੀਤੀਆਂ ਜਾਣਗੀਆਂ।

ਚੋਣ ਕਮਿਸ਼ਨ ਨੇ ਸਪੱਸ਼ਟ ਕੀਤਾ ਹੈ ਕਿ ਸਾਰੇ ਉਮੀਦਵਾਰਾਂ ਲਈ ਨਾਮਜ਼ਦਗੀ ਪੱਤਰ ਦੇ ਨਾਲ ਨਿਰਧਾਰਤ ਹਲਫ਼ਨਾਮਾ ਜਮ੍ਹਾਂ ਕਰਵਾਉਣਾ ਲਾਜ਼ਮੀ ਹੋਵੇਗਾ। ਜੇਕਰ ਕੋਈ ਉਮੀਦਵਾਰ ਕਿਸੇ ਸਿਆਸੀ ਪਾਰਟੀ ਵੱਲੋਂ ਚੋਣ ਲੜ ਰਿਹਾ ਹੈ ਤਾਂ ਉਸ ਨੂੰ ਸਬੰਧਤ ਪਾਰਟੀ ਦਾ ਅਧਿਕਾਰ ਪੱਤਰ ਵੀ ਜਮ੍ਹਾਂ ਕਰਵਾਉਣਾ ਹੋਵੇਗਾ।

ਉਮੀਦਵਾਰਾਂ ਦੀ ਕੇ.ਵਾਈ.ਸੀ. ਸਬੰਧੀ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਵੈੱਬਸਾਈਟਾਂ 'ਤੇ ਅਪਲੋਡ ਕੀਤੀ ਜਾਵੇਗੀ।

ਚੋਣਾਂ ਲਈ ਪਟਿਆਲਾ ਨਗਰ ਨਿਗਮ ਦੇ 30 ਵਾਰਡਾਂ ਵਿੱਚ 123 ਪੋਲਿੰਗ ਸਟੇਸ਼ਨ, ਬਾਘਾਪੁਰਾਣਾ ਨਗਰ ਕੌਂਸਲ ਦੇ 15 ਵਾਰਡਾਂ ਵਿੱਚ 20 ਪੋਲਿੰਗ ਸਟੇਸ਼ਨ ਅਤੇ ਧਰਮਕੋਟ ਨਗਰ ਕੌਂਸਲ ਦੇ 7 ਵਾਰਡਾਂ ਵਿੱਚ 7 ਪੋਲਿੰਗ ਸਟੇਸ਼ਨ ਸਥਾਪਤ ਕੀਤੇ ਗਏ ਹਨ।

ਇਨ੍ਹਾਂ ਚੋਣਾਂ ਵਿੱਚ ਕੁੱਲ 1,76,429 ਰਜਿਸਟਰਡ ਵੋਟਰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨਗੇ। ਇਨ੍ਹਾਂ ਵਿੱਚ 91,415 ਪੁਰਸ਼, 84,999 ਮਹਿਲਾ ਅਤੇ 15 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।

ਰਾਜ ਚੋਣ ਕਮਿਸ਼ਨ ਨੇ ਉਮੀਦਵਾਰਾਂ ਲਈ ਚੋਣ ਖਰਚ ਦੀ ਹੱਦ ਵੀ ਨਿਰਧਾਰਤ ਕਰ ਦਿੱਤੀ ਹੈ। ਨਗਰ ਨਿਗਮ ਦੇ ਉਮੀਦਵਾਰ ਵੱਧ ਤੋਂ ਵੱਧ 4 ਲੱਖ ਰੁਪਏ ਖਰਚ ਕਰ ਸਕਣਗੇ, ਜਦਕਿ ਨਗਰ ਕੌਂਸਲ ਕਲਾਸ-2 ਦੇ ਉਮੀਦਵਾਰਾਂ ਲਈ ਖਰਚ ਦੀ ਹੱਦ 2 ਲੱਖ 30 ਹਜ਼ਾਰ ਰੁਪਏ ਤੈਅ ਕੀਤੀ ਗਈ ਹੈ।

ਚੋਣਾਂ ਦੀ ਪੂਰੀ ਪ੍ਰਕਿਰਿਆ 'ਤੇ ਨਜ਼ਰ ਰੱਖਣ ਲਈ ਮਾਣਯੋਗ ਹਾਈਕੋਰਟ ਵੱਲੋਂ ਇੱਕ ਮਾਨੀਟਰਿੰਗ ਕਮੇਟੀ ਦਾ ਗਠਨ ਕੀਤਾ ਗਿਆ ਹੈ।

